ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਮੰਗਲਵਾਰ, 3 ਨਵੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੧੮ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111, +447976210161, +919729091243



ਪੰਜਾਬ ਦੀ ਸਿਆਸਤ 'ਚ ਹਲਚਲ, ਸਾਬਕਾ ਮੰਤਰੀ ਦੇ ਘਰ ਤੜਕਸਾਰ ਪਈ ਈ. ਡੀ. ਦੀ ਰੇਡ

ਹੁਸ਼ਿਆਰਪੁਰ, 2 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪੰਜਾਬ ਦੀ ਸਿਆਸਤ 'ਚ ਉਸ ਵੇਲੇ ਹਲਚਲ ਮਚ ਗਈ, ਜਦੋਂ ਸਾਬਕਾ ਕੈਬਨਿਟ ਮੰਤਰੀ ਅਤੇ ਕਾਂਗਰਸੀ ਆਗੂ ਸੁੰਦਰ ਸ਼ਾਮ ਅਰੋੜਾ ਦੇ ਘਰ ਇਨਫੋਰਸਮੈਂਟ ਡਾਇਰੈਕਟੋਰੇਟ (ਈ. ਡੀ.) ਵਲੋਂ ਅੱਜ ਤੜਕਸਾਰ ਛਾਪੇਮਾਰੀ ਕੀਤੀ ਗਈ। ਸੂਤਰਾਂ ਦੇ ਮੁਤਾਬਕ ਸਵੇਰੇ ਕਰੀਬ 5 ਵਜੇ 3 ਗੱਡੀਆਂ 'ਚ ਈ. ਡੀ. ਦੀ ਟੀਮ ਜੋਧਾ ਮਲ ਰੋਡ ਸਥਿਤ ਅਰੋੜਾ ਦੇ ਘਰ ਪੁੱਜੀ ਅਤੇ ਘਰ ਅੰਦਰ ਦਾਖ਼ਲ ਹੋ ਗਈ। ਈ. ਡੀ. ਦੀ ਇਸ ਕਾਰਵਾਈ ਦੌਰਾਨ ਸੁੰਦਰ ਸ਼ਾਮ ਅਰੋੜਾ ਵੀ ਘਰ 'ਚ ਹੀ ਮੌਜੂਦ ਦੱਸੇ ਜਾ ਰਹੇ ਹਨ। ਫਿਲਹਾਲ ਈ. ਡੀ. ਦੀ ਟੀਮ ਕਿਸ ਮਾਮਲੇ 'ਚ ਜਾਂਚ ਕਰਨ ਪੁੱਜੀ ਹੈ ਅਤੇ ਇਸ ਕਾਰਵਾਈ ਦਾ ਅਸਲ ਮਕਸਦ ਕੀ ਹੈ, ਇਸ ਬਾਰੇ ਕੋਈ ਅਧਿਕਾਰਤ ਜਾਣਕਾਰੀ ਸਾਹਮਣੇ ਨਹੀਂ ਆਈ ਹੈ।

ਲੱਖਾ ਸਿਧਾਣਾ ਨੂੰ ਆਇਆ ਹਾਰਟ ਅਟੈਕ !

ਮਾਨਸਾ, 2 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪੁਲਸ ਵੱਲੋਂ ਗ੍ਰਿਫ਼ਤਾਰ ਕੀਤੇ ਗਏ 'ਵਾਰਿਸ ਪੰਜਾਬ ਦੇ' ਦੇ ਆਗੂ ਲੱਖਾ ਸਿੰਘ ਸਿਧਾਣਾ ਨੂੰ ਮਾਈਨਰ ਹਾਰਟ ਅਟੈਕ ਆਇਆ ਹੈ, ਇਸ ਦੀ ਜਾਣਕਾਰੀ ਲੱਖਾ ਸਿਧਾਣਾ ਅਤੇ ਉਨ੍ਹਾਂ ਦੇ ਵਕੀਲਾਂ ਵੱਲੋਂ ਅੱਜ ਅਦਾਲਤ ਵਿਚ ਲੱਖਾ ਸਿਧਾਣਾ ਦੀ ਵੀਡੀਓ ਕਾਨਫਰੰਸਿੰਗ ਰਾਹੀਂ ਹੋਈ ਪੇਸ਼ੀ ਦੌਰਾਨ ਦਿੱਤੀ ਗਈ ਹੈ। ਲੱਖਾ ਸਿਧਾਣਾ ਦੇ ਵਕੀਲਾਂ ਗੁਰਪ੍ਰੀਤ ਸਿੰਘ ਸੰਧੂ ਅਤੇ ਹਰਜੋਤ ਸਿੰਘ ਮਾਨ ਨੇ ਦੱਸਿਆ ਕਿ ਲੱਖਾ ਸਿਧਾਣਾ ਨੂੰ ਮਾਈਨਰ ਹਾਰਟ ਅਟੈਕ ਆਇਆ ਹੈ ਅਤੇ ਉਨ੍ਹਾਂ ਦੀ ਛਾਤੀ ਵਿਚ ਦਰਦ ਹੈ ਤੇ ਉਨ੍ਹਾਂ ਦਾ ਸਾਹ ਵੀ ਫੁੱਲ ਰਿਹਾ ਹੈ।

'ਆਪ' ਨੂੰ 3 ਵੱਡੇ ਝਟਕੇ

ਚੇਤਨ ਜੌੜੇਮਾਜਰਾ, ਹਰਮੀਤ ਪਠਾਨਮਾਜਰਾ ਤੇ ਕੁੰਵਰ ਵਿਜੇ ਪ੍ਰਤਾਪ ਭਾਜਪਾ 'ਚ ਸ਼ਾਮਲ



ਨਵੀਂ ਦਿੱਲੀ, 2 ਨਵੰਬਰ (ਆਵਾਜ਼ਿ ਕੌਮ ਬਿਊਰੋ)-ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪੰਜਾਬ ਦੀ ਸਿਆਸਤ 'ਚ ਵੱਡਾ ਧਮਾਕਾ ਹੋਇਆ ਹੈ। ਆਮ ਆਦਮੀ ਪਾਰਟੀ ਨੂੰ ਲਗਾਤਾਰ ਤਿੰਨ ਵੱਡੇ ਝਟਕੇ ਲੱਗੇ ਹਨ। ਪਾਰਟੀ ਦੇ 3 ਵਿਧਾਇਕਾਂ ਨੇ ਅਸਤੀਫਾ ਦੇ ਕੇ ਭਾਜਪਾ 'ਚ ਸ਼ਮੂਲੀਅਤ ਕਰ ਲਈ ਹੈ। ਚੇਤਨ ਸਿੰਘ ਜੋੜਾਮਾਜਰਾ, ਹਰਮੀਤ ਸਿੰਘ ਪਠਾਨਮਾਜਰਾ ਅਤੇ ਕੁੰਵਰ ਵਿਜੇ ਪ੍ਰਤਾਪ ਨੇ ਦਿੱਲੀ ਵਿਖੇ ਦਫਤਰ ਵਿੱਚ ਭਾਜਪਾ ਦਾ ਪੱਲਾ ਫੜਿਆ। ਤਿੰਨੇ ਆਗੂਆਂ ਨੇ ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੀ ਹਾਜ਼ਰੀ 'ਚ ਭਾਜਪਾ 'ਚ ਸ਼ਮੂਲੀਅਤ ਕੀਤੀ। ਇਸ ਮੌਕੇ ਆਗੂਆਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸੋਚ ਪੰਜਾਬ ਪ੍ਰਤੀ ਹੈ। ਅੱਜ, ਪੰਜਾਬ ਆਪਣੀ ਹੋਂਦ ਲਈ ਲੜ ਰਿਹਾ ਹੈ। ਇਸਦੀ ਹੋਂਦ ਖ਼ਤਰੇ ਵਿੱਚ ਹੈ। ਪੰਜਾਬੀ-ਨਸਲਤਾ ਗਾਇਬ ਹੈ, ਅਤੇ ਹਰ ਪਾਸੇ ਹਫੜਾ-ਦਫੜੀ ਦਾ ਬੋਲਬਾਲਾ ਹੈ। ਵਿਧਾਇਕ ਕੁੰਵਰ ਨੇ ਕਿਹਾ, "ਪੰਜਾਬ ਵਿੱਚ ਬੇਰੁਜ਼ਗਾਰੀ ਆਪਣੇ ਸਿਖਰ 'ਤੇ ਹੈ। ਉਦਯੋਗ ਢਹਿ-ਢੇਰੀ ਹੋ ਗਿਆ ਹੈ। ਪੰਜਾਬ ਦੇ ਲੋਕਾਂ ਨੂੰ ਹਰ ਜਗ੍ਹਾ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪੰਜਾਬ ਦੇ ਕੰਮਕਾਜ ਉਧਾਰ ਲਏ ਪੈਸੇ ਨਾਲ ਚੱਲ ਰਹੇ ਹਨ। ਅੱਜ, ਪੰਜਾਬ ਵਿੱਚ ਸ਼ਾਂਤੀ ਅਤੇ ਖੁਸ਼ਹਾਲੀ ਬਹਾਲ ਕਰਨ ਦੀ ਲੋੜ ਹੈ। ਉਨ੍ਹਾਂ ਦਾ ਮੰਨਣਾ ਹੈ ਕਿ ਇਹ ਸਿਰਫ ਭਾਜਪਾ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਦ੍ਰਿਸ਼ਟੀਕੋਣ ਰਾਹੀਂ ਪ੍ਰਾਪਤ ਕੀਤਾ ਜਾ ਸਕਦਾ ਹੈ।" ਭਾਜਪਾ ਵਿੱਚ ਸ਼ਾਮਲ ਹੋਣ ਤੋਂ ਬਾਅਦ ਵਿਧਾਇਕ ਕੁੰਵਰ ਨੇ ਕਿਹਾ ਕਿ ਪੰਜਾਬ ਵਿੱਚ ਗੈਂਗਸਟਰ ਸਰਕਾਰ ਦਾ ਹਿੱਸਾ ਬਣ ਗਏ ਹਨ। ਇੱਕ ਜਬਰਦਸਤੀ ਉਦਯੋਗ ਚੱਲ ਰਿਹਾ ਹੈ। ਇਨ੍ਹਾਂ ਤਿੰਨ ਵਿਧਾਇਕਾਂ ਨੇ ਪਿਛਲੇ ਦੋ ਦਿਨਾਂ ਵਿੱਚ 'ਆਪ' ਤੋਂ ਅਸਤੀਫਾ ਦੇ ਦਿੱਤਾ ਹੈ। ਦੱਸ ਦਈਏ ਕਿ ਆਮ ਆਦਮੀ ਪਾਰਟੀ ਨੇ ਜੂਨ 2025 ਵਿੱਚ ਪਾਰਟੀ ਵਿਰੋਧੀ ਗਤੀਵਿਧੀਆਂ ਕਾਰਨ ਉਨ੍ਹਾਂ ਨੂੰ ਪੰਜ ਸਾਲਾਂ ਲਈ ਪਾਰਟੀ ਤੋਂ ਮੁਅੱਤਲ ਕਰ ਦਿੱਤਾ ਸੀ। ਇਸ ਦੌਰਾਨ, 'ਆਪ' ਨੇ ਕਿਹਾ ਕਿ ਉਹ ਵਿਧਾਨ ਸਭਾ ਸਪੀਕਰ ਤੋਂ ਸਮਾਣਾ ਅਤੇ ਸਨੌਰ ਦੇ ਵਿਧਾਇਕਾਂ ਦੀ ਮੈਂਬਰਸ਼ਿਪ ਰੱਦ ਕਰਨ ਦੀ ਮੰਗ ਕਰੇਗੀ।

ਦੋ ਵਿਧਾਇਕਾਂ ਦੇ ਅਸਤੀਫ਼ੇ ਪ੍ਰਵਾਨ, ਵਿਧਾਨ ਸਭਾ ਦੀਆਂ ਦੋ ਸੀਟਾਂ ਹੋਈਆਂ ਖਾਲ੍ਹੀ

ਚੰਡੀਗੜ੍ਹ, 2 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੰਮ੍ਰਿਤਸਰ ਉੱਤਰੀ ਤੋਂ 'ਆਪ' ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਅਤੇ ਹਲਕਾ ਸਨੌਰ ਤੋਂ ਵਿਧਾਇਕ ਹਰਮਨੀਤ



ਸਿੰਘ ਪਠਾਣਮਾਜਰਾ ਦਾ ਅਸਤੀਫ਼ਾ ਮਨਜ਼ੂਰ ਕਰ ਲਿਆ ਹੈ। ਅੱਜ ਹੀ ਵਿਧਾਇਕਾਂ ਨੇ ਪੰਜਾਬ ਵਿਧਾਨ ਸਭਾ ਦੀ ਮੈਂਬਰੀ ਤੋਂ ਅਸਤੀਫ਼ਾ ਪੰਜਾਬ ਵਿਧਾਨ ਸਭਾ ਦੇ ਸਪੀਕਰ ਨੂੰ ਭੇਜਿਆ ਸੀ। ਜਿਸ ਨੂੰ ਕੁੱਝ ਘੰਟਿਆਂ ਮਗਰੋਂ ਹੀ ਸਪੀਕਰ ਨੇ ਪ੍ਰਵਾਨ ਕਰ ਲਿਆ। ਇਸ ਦੇ ਨਾਲ ਹੀ ਇਹ ਦੋਵੇਂ ਵਿਧਾਨ ਸਭਾ ਦੀਆਂ ਸੀਟਾਂ ਖਾਲ੍ਹੀ ਹੋ ਗਈਆਂ ਹਨ। ਇਥੇ ਇਹ ਵੀ ਖਾਸ ਤੌਰ 'ਤੇ ਦੱਸਣਯੋਗ ਹੈ ਕਿ ਅੱਜ ਹੀ ਕੁੰਵਰ ਵਿਜੇ ਪ੍ਰਤਾਪ,



ਪਠਾਣਮਾਜਰਾ ਅਤੇ ਚੇਤਨ ਸਿੰਘ ਜੌੜਾਮਾਜਰਾ ਭਾਜਪਾ ਵਿਚ ਸ਼ਾਮਲ ਹੋ ਗਏ ਹਨ। ਬੀਤੇ ਸਾਲ ਜੂਨ ਵਿਚ ਕੁੰਵਰ ਵਿਜੇ ਪ੍ਰਤਾਪ ਸਿੰਘ ਨੂੰ ਪਾਰਟੀ ਵਿਰੋਧੀ ਗਤੀਵਿਧੀਆਂ ਵਿਚ ਸ਼ਾਮਲ ਹੋਣ ਦੇ ਦੋਸ਼ ਹੇਠ ਪੰਜ ਸਾਲਾਂ ਲਈ ਪਾਰਟੀ ਤੋਂ ਮੁਅੱਤਲ ਕਰ ਦਿੱਤਾ ਗਿਆ ਸੀ। ਇਸ ਤੋਂ ਪਹਿਲਾਂ ਲੋਕ ਸਭਾ ਚੋਣਾਂ 2024 ਦੌਰਾਨ ਜਲੰਧਰ ਦੇ ਵਿਧਾਇਕ ਸ਼ੀਤਲ ਅੰਗੁਰਾਲ ਨੇ ਅਸਤੀਫ਼ਾ ਦਿੱਤਾ ਸੀ ਜੋ ਪ੍ਰਵਾਨ ਹੋ ਗਿਆ ਸੀ। ਹੁਣ ਕੁੰਵਰ ਵਿਜੇ ਪ੍ਰਤਾਪ ਸਿੰਘ ਅਤੇ ਪਠਾਣਮਾਜਰਾ ਅਜਿਹੇ ਵਿਧਾਇਕ ਹਨ ਜਿਨ੍ਹਾਂ ਦਾ ਅਸਤੀਫ਼ਾ ਮੌਜੂਦਾ ਸਰਕਾਰ ਵੱਲੋਂ ਪ੍ਰਵਾਨ ਕੀਤਾ ਗਿਆ ਹੈ।

ਭਾਰਤੀ ਕਿਸਾਨ ਯੂਨੀਅਨ ਕਾਦੀਆਂ ਵੱਲੋਂ 2027 ਦੀਆਂ ਚੋਣਾਂ 'ਚ ਅਕਾਲੀ ਦਲ ਨੂੰ ਸਮਰਥਨ ਦੇਣ ਦਾ ਐਲਾਨ

ਚੰਡੀਗੜ੍ਹ, 2 ਨਵੰਬਰ (ਆਵਾਜ਼ਿ ਕੌਮ ਬਿਊਰੋ)-ਭਾਰਤੀ ਕਿਸਾਨ ਯੂਨੀਅਨ ਕਾਦੀਆਂ ਨੇ



2027 ਦੀਆਂ ਵਿਧਾਨ ਸਭਾ ਚੋਣਾਂ 'ਚ ਸ਼੍ਰੋਮਣੀ ਅਕਾਲੀ ਦਲ ਨੂੰ ਆਪਣਾ ਸਮਰਥਨ ਦੇਣ ਦਾ ਐਲਾਨ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਆਖਿਆ ਕਿ ਉਹ ਕਿਸਾਨਾਂ ਦੀਆਂ ਸਮੁੱਚੀਆਂ ਮੁਸ਼ਿਕਲਾਂ ਦਾ ਹੱਲ ਕਰਨਗੇ। ਦੂਜੇ ਪਾਸੇ ਬੀ. ਕੇ. ਯੂ. ਕਾਦੀਆਂ ਜਥੇਬੰਦੀ ਦੇ ਆਗੂ ਹਰਮੀਤ ਕਾਦੀਆਂ ਨੇ ਕਿਹਾ ਕਿ ਹੁਣ ਤੱਕ ਕੋਈ ਵੀ ਸਰਕਾਰ ਕਿਸਾਨਾਂ ਦੀਆਂ ਮੰਗਾਂ 'ਤੇ ਖਰੀ ਨਹੀਂ ਉਤਰੀ, ਜਿਸ ਕਾਰਨ ਉਨ੍ਹਾਂ ਨੂੰ ਅੱਜ ਮਜਬੂਰ ਹੋ ਕੇ ਇਹ ਫ਼ੈਸਲਾ ਲੈਣਾ ਪਿਆ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਇਕ ਖੇਤਰੀ ਪਾਰਟੀ ਹੀ ਕਿਸਾਨਾਂ ਦੇ ਮਸਲਿਆਂ ਨੂੰ ਸਮਝਦੀ ਹੈ, ਇਸੇ ਲਈ ਉਨ੍ਹਾਂ ਅਕਾਲੀ ਦਲ ਨੂੰ ਸਮਰਥਨ ਦੇਣ ਦਾ ਫ਼ੈਸਲਾ ਕੀਤਾ ਹੈ। ਚੰਡੀਗੜ੍ਹ 'ਚ ਪ੍ਰੈੱਸ ਕਾਨਫ਼ਰੰਸ ਕਰਦੇ ਹੋਏ ਸੁਖਬੀਰ ਸਿੰਘ ਬਾਦਲ ਨੇ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਤਿੱਖਾ ਸਿਆਸੀ ਹਮਲਾ ਕਰਦਿਆਂ ਦਾਅਵਾ ਕੀਤਾ ਹੈ ਕਿ ਸੂਬੇ ਦੇ ਲੋਕ ਹੀ ਨਹੀਂ ਸਗੋਂ 'ਆਪ' ਦੇ ਵਿਧਾਇਕ ਵੀ ਆਪਣੀ ਸਰਕਾਰ ਤੋਂ ਬੇਹੱਦ ਦੁਖ਼ੀ ਹਨ। ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਦੌਰਾਨ ਵਿਧਾਇਕਾਂ ਨੂੰ ਪਰਚੇ ਦਰਜ ਕਰਨ ਅਤੇ ਹੋਰ ਕਾਰਵਾਈਆਂ ਦਾ ਡਰ ਵਿਖਾ ਕੇ ਚੁੱਪ ਕਰਵਾਇਆ ਜਾਂਦਾ ਰਿਹਾ ਹੈ। ਉਥੇ ਹੀ ਇਸ ਦੌਰਾਨ ਸੁਖਬੀਰ ਬਾਦਲ ਨੇ ਦਾਅਵਾ ਕੀਤਾ ਕਿ ਜਿਵੇਂ-ਜਿਵੇਂ 2027 ਦੀਆਂ ਵਿਧਾਨ ਸਭਾ ਚੋਣਾਂ ਨੇੜੇ ਆਉਣਗੀਆਂ, ਆਮ ਆਦਮੀ ਪਾਰਟੀ ਦਾ ਸਿਆਸੀ ਆਧਾਰ ਹੋਰ ਕਮਜ਼ੋਰ ਹੁੰਦਾ ਜਾਵੇਗਾ। ਉਨ੍ਹਾਂ ਕਿਹਾ ਕਿ ਚੋਣ ਨਤੀਜਿਆਂ ਤੋਂ ਬਾਅਦ 'ਆਪ' ਦੇ ਸਿਰਫ਼ ਦੋ-ਚਾਰ ਕਿਸਮਤ ਵਾਲੇ ਵਿਧਾਇਕ ਹੀ ਜਿੱਤ ਸਕਣਗੇ। ਉਨ੍ਹਾਂ ਭਵਿੱਖਬਾਣੀ ਕੀਤੀ ਕਿ ਮੁੱਖ ਮੰਤਰੀ ਭਗਵੰਤ ਮਾਨ ਵੀ ਆਪਣੇ ਵਿਧਾਨ ਸਭਾ ਹਲਕੇ ਧੂਰੀ ਤੋਂ ਬੁਰੀ ਤਰ੍ਹਾਂ ਚੋਣ ਹਾਰਨਗੇ। ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਪੰਜਾਬ ਦੇ ਲੋਕਾਂ 'ਚ ਮੌਜੂਦਾ ਸਰਕਾਰ ਪ੍ਰਤੀ ਨਾਰਾਜ਼ਗੀ ਲਗਾਤਾਰ ਵਧ ਰਹੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਨੇ ਲੋਕਾਂ ਨਾਲ ਧੋਖਾ ਕੀਤਾ ਹੈ ਅਤੇ ਸੂਬੇ ਨੂੰ ਲੁੱਟਿਆ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਕਾਰਜਕਾਲ ਖ਼ਤਮ ਹੋਣ ਤੋਂ ਬਾਅਦ ਸਰਕਾਰ ਦੇ ਕੰਮਕਾਜ ਅਤੇ ਵਿੱਤੀ ਮਾਮਲਿਆਂ ਦੀ ਜਾਂਚ ਕਰਵਾਈ ਜਾਵੇਗੀ। ਸੁਖਬੀਰ ਬਾਦਲ ਨੇ ਦਾਅਵਾ ਕੀਤਾ ਕਿ ਜੇਕਰ ਅਕਾਲੀ ਦਲ ਦੀ ਸਰਕਾਰ ਬਣਦੀ ਹੈ ਤਾਂ ਪਹਿਲੇ ਦਿਨ ਤੋਂ ਹੀ ਜਾਂਚ ਸ਼ੁਰੂ ਕਰਵਾਈ ਜਾਵੇਗੀ ਅਤੇ ਜਿਨ੍ਹਾਂ ਲੋਕਾਂ ਨੇ ਸਰਕਾਰੀ ਪੈਸੇ ਦੀ ਦੁਰਵਰਤੋਂ ਜਾਂ ਲੁੱਟ ਕੀਤੀ ਹੈ, ਉਨ੍ਹਾਂ ਤੋਂ ਪੈਸਾ ਵਾਪਸ ਲੈ ਕੇ ਜਨਤਾ ਦੇ ਖ਼ਜ਼ਾਨੇ ਵਿੱਚ ਜਮ੍ਹਾਂ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਕਥਿਤ ਲੁੱਟ ਵਿੱਚ ਸ਼ਾਮਲ ਸਾਰੇ ਹਿੱਸੇਦਾਰਾਂ ਦੀ ਜਵਾਬਦੇਹੀ ਤੈਅ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਦੀ ਸਿਆਸਤ 'ਚ ਹੋਰ ਬਦਲਾਅ ਵੇਖਣ ਨੂੰ ਮਿਲਣਗੇ ਅਤੇ ਚੋਣਾਂ ਦੌਰਾਨ ਲੋਕ ਆਮ ਆਦਮੀ ਪਾਰਟੀ ਨੂੰ ਉਸ ਦੀ ਕਾਰਗੁਜ਼ਾਰੀ ਦਾ ਜਵਾਬ ਦੇਣਗੇ।

ਦਰਬਾਰ ਸਾਹਿਬ 'ਤੇ ਹਮਲੇ ਦਾ ਜਵਾਬ ਸੀ ਇੰਦਰਾ ਗਾਂਧੀ ਦਾ ਅੰਤ, ਨਹੀਂ ਭੁੱਲੇਗਾ ਨਵੰਬਰ 1984 ਦੇ ਸ਼ਹੀਦਾਂ ਦਾ ਦਰਦ: ਭਾਈ ਪਰਮਜੀਤ ਸਿੰਘ ਭਿਓਰਾ

ਨਵੀਂ ਦਿੱਲੀ, 2 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)-ਬੁੜੇਲ ਜੇਲ੍ਹ ਅੰਦਰ ਬੰਦ ਧਾਰਮਿਕ-ਰਾਜਨੀਤਿਕ ਨਜ਼ਰਬੰਦ ਭਾਈ ਪਰਮਜੀਤ ਸਿੰਘ ਭਿਓਰਾ ਨੇ ਆਪਣੇ ਤਾਜ਼ਾ ਬਿਆਨ ਰਾਹੀਂ 1984 ਦੇ ਖ਼ੂਨੀ ਘੱਲੂਘਾਰੇ ਨੂੰ ਚੇਤੇ ਕਰਦਿਆਂ ਉਸ ਵੇਲੇ ਦੀ ਭਾਰਤੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੇ ਕਤਲ ਨੂੰ ਸਿੱਖ ਮਾਨਸਿਕਤਾ, ਅਣਖ ਅਤੇ ਸੁਵੈਮਾਨ ਉੱਤੇ ਹੋਏ ਕਹਿਰੀ ਬਾਰੂਦੀ ਹਮਲਿਆਂ ਦਾ ਇੱਕ ਕੁਦਰਤੀ ਤੇ ਇਤਿਹਾਸਕ ਪ੍ਰਤੀਕਰਮ ਕਰਾਰ ਦਿੰਦਿਆਂ ਸਪੱਸ਼ਟ ਕੀਤਾ ਹੈ ਕਿ ਸ੍ਰੀ ਦਰਬਾਰ ਸਾਹਿਬ ਉੱਤੇ ਫੌਜੀ ਹਮਲਾ ਕਰਕੇ ਸਿੱਖਾਂ ਦੀਆਂ ਇਲਾਹੀ ਭਾਵਨਾਵਾਂ ਅਤੇ ਸਰਬਉੱਚ ਰੂਹਾਨੀ ਕੇਂਦਰ ਨੂੰ ਢਹਿ-ਢੇਰੀ ਕਰਨ ਦੀ ਜੋ ਬਜਰ ਗਲਤੀ ਤਤਕਾਲੀ ਹਕੂਮਤ ਨੇ ਕੀਤੀ ਸੀ ਉਸਦਾ ਜਵਾਬ ਕੌਮ ਦੇ ਗੈਰਤਮੰਦ ਜੁਝਾਰੂਆਂ ਨੇ ਆਪਣੇ ਖ਼ੂਨ ਨਾਲ ਦਰਜ ਕਰਵਾ ਕੇ ਇਤਿਹਾਸ ਦੇ ਸੁਨਹਿਰੀ ਪੰਨਿਆਂ ਵਿਚ ਆਪਣਾ ਨਾਮ ਦਰਜ ਕਰਵਾਇਆ ਹੈ। ਉਹਨਾਂ ਨੇ ਨਵੰਬਰ 1984 ਦੌਰਾਨ ਦੇਸ਼ ਦੀ ਰਾਜਧਾਨੀ ਦਿੱਲੀ ਸਮੇਤ ਵੱਖ-ਵੱਖ ਸ਼ਹਿਰਾਂ ਵਿੱਚ ਸਰਕਾਰੀ ਸ਼ਿਹ ਉੱਤੇ ਹਜ਼ਾਰਾਂ ਨਿਰਦੋਸ਼ ਸਿੱਖਾਂ ਨੂੰ ਜ਼ਿੰਦਾ ਜਲਾ ਕੇ ਅਤੇ ਕੋਹ-ਕੋਹ ਕੇ ਸ਼ਹੀਦ ਕੀਤੇ ਜਾਣ ਦੀ ਅਤਿ ਦੁਖਦਾਈ ਤ੍ਰਾਸਦੀ ਉੱਤੇ ਗਹਿਰੇ ਦੁੱਖ ਤੇ ਸੰਵੇਦਨਾ ਦਾ ਪ੍ਰਗਟਾਵਾ ਕਰਦਿਆਂ ਆਖਿਆ ਕਿ ਅੱਜ ਵੀ ਉਹਨਾਂ ਪੀੜਤ ਪਰਿਵਾਰਾਂ ਦਾ ਦਰਦ ਹਰ ਦਰਦਮੰਦ ਸਿੱਖ ਦੇ ਹਿਰਦੇ ਨੂੰ ਵਲੂੰਧਰਦਾ ਹੈ ਅਤੇ



ਉਹਨਾਂ ਮਜ਼ਲੂਮਾਂ ਦੀਆਂ ਚੀਕਾਂ ਤੇ ਕੁਰਲਾਹਟਾਂ ਭਾਰਤੀ ਇਨਸਾਫ਼ ਪ੍ਰਣਾਲੀ ਦੇ ਮੂੰਹ ਉੱਤੇ ਇੱਕ ਕਾਲਾ ਧੱਬਾ ਹਨ ਜਿਨ੍ਹਾਂ ਨੂੰ ਦਹਾਕੇ ਬੀਤ ਜਾਣ ਤੋਂ ਬਾਅਦ ਵੀ ਮੁਕੰਮਲ ਇਨਸਾਫ਼ ਨਹੀਂ ਮਿਲ ਸਕਿਆ। ਆਪਣੇ ਬਿਆਨ ਵਿੱਚ ਰੂਹ ਕੰਬਾਊ ਹਕੀਕਤਾਂ ਦਾ ਜ਼ਿਕਰ ਕਰਦਿਆਂ ਭਾਈ ਪਰਮਜੀਤ ਸਿੰਘ ਭਿਓਰਾ ਨੇ ਗਲੇ ਵਿੱਚ ਬਲਦੇ ਟਾਇਰ ਪਾ ਕੇ ਜਿਊਂਦੇ ਸਾੜੇ ਗਏ ਮਾਸੂਮ ਬੱਚਿਆਂ, ਬਜ਼ੁਰਗਾਂ ਅਤੇ ਪਤੀਆਂ ਦੇ ਸਾਹਮਣੇ ਉੱਜੜੀਆਂ ਸੁਹਾਗਣਾਂ ਦੀਆਂ ਬੇਬਸ ਚੀਕਾਂ ਦਾ ਦਰਦ ਬਿਆਨ ਕਰਦਿਆਂ ਆਖਿਆ ਕਿ ਹਕੂਮਤੀ ਗੁੰਡਿਆਂ ਵੱਲੋਂ ਬਹਾਏ ਗਏ ਉਸ ਬੇਗੁਨਾਹ ਖ਼ੂਨ ਦਾ ਇੱਕ-ਇੱਕ ਕਤਰਾ ਅੱਜ ਵੀ ਧਰਤੀ ਤੋਂ ਇਨਸਾਫ਼ ਦੀ ਮੰਗ ਕਰ ਰਿਹਾ ਹੈ ਅਤੇ ਇਹ ਅਣਮਨੁੱਖੀ ਕਾਰਾ ਸਿਖ ਇਤਿਹਾਸ ਦਾ ਉਹ ਨਾਸੂਰ ਹੈ ਜਿਸਦੀ ਪੀੜ ਹਰ ਆਉਣ ਵਾਲੀ ਨਸਲ ਦੇ ਹਿਰਦੇ ਨੂੰ ਤੜਫਾਉਂਦੀ ਰਹੇਗੀ।

ਜੇਲ੍ਹ ਦੀਆਂ ਸੀਖਾਂ ਪਿੱਛੇ ਬੰਦ ਭਾਈ ਭਿਓਰਾ ਨੇ ਸਿੱਖ ਕੌਮ ਨੂੰ ਜ਼ੁਲਮ ਵਿਰੁੱਧ ਇੱਕਜੁੱਟ ਹੋਣ ਦਾ ਸੱਦਾ ਦਿੰਦਿਆਂ ਇਹ ਵੀ ਜ਼ੋਰ ਦੇ ਕੇ ਆਖਿਆ ਕਿ ਜਦੋਂ-ਜਦੋਂ ਵੀ ਕੋਈ ਜਬਰ-ਜ਼ੁਲਮ ਦੀ ਹੱਦ ਪਾਰ ਕਰਕੇ ਸਿੱਖ ਸ਼ਾਨ ਤੇ ਅਣਖ ਨੂੰ ਵੰਗਾਰੇਗਾ ਤਾਂ ਸ਼ਹੀਦਾਂ ਦਾ ਇਹ ਖ਼ੂਨ ਅਤੇ ਕੌਮੀ ਵਿਰਸਾ ਆਉਣ ਵਾਲੀਆਂ ਨਸਲਾਂ ਨੂੰ ਨਿਆਂ ਅਤੇ ਸਵੈ-ਮਾਣ ਦੀ ਜੰਗ ਲੜਨ ਲਈ ਸਦਾ ਪ੍ਰੇਰਨਾ ਦਿੰਦਾ ਰਹੇਗਾ ਅਤੇ ਹਕੂਮਤੀ ਜਬਰ ਦੇ ਬਾਵਜੂਦ ਸਿੱਖ ਮਾਨਸਿਕਤਾ ਕਦੇ ਵੀ ਆਪਣੇ ਸ਼ਹੀਦਾਂ ਦੀਆਂ ਕੁਰਬਾਨੀਆਂ ਅਤੇ ਨਵੰਬਰ 84 ਦੇ ਨਸਲਕੁਸ਼ੀ ਪੀੜਤਾਂ ਦੇ ਜ਼ਖਮਾਂ ਨੂੰ ਵਿਸਾਰ ਨਹੀਂ ਸਕਦੀ।

ਚੱਕਰਵਾਤ ਮੁਰਾਸੂ ਹੋਇਆ ਖ਼ਤਰਨਾਕ, 21 ਉਡਾਣਾਂ ਰੱਦ, ਆਂਧਰਾ ਤੋਂ ਓਡੀਸ਼ਾ ਤੱਕ ਤੂਫ਼ਾਨ ਤੇ ਮੀਂਹ ਦੀ ਚੇਤਾਵਨੀ ਜਾਰੀ



ਨਵੀਂ ਦਿੱਲੀ, 2 ਨਵੰਬਰ (ਆਵਾਜ਼ਿ ਕੌਮ ਬਿਊਰੋ)-ਬੰਗਾਲ ਦੀ ਖਾੜੀ ਤੋਂ ਉੱਠਿਆ ਚੱਕਰਵਾਤ ਮੁਰਾਸੂ ਆਂਧਰਾ ਪ੍ਰਦੇਸ਼ ਦੇ ਤੱਟ ਵੱਲ ਵਧ ਰਿਹਾ ਹੈ। ਇਸਦੇ ਪ੍ਰਭਾਵ ਕਾਰਨ ਆਂਧਰਾ ਪ੍ਰਦੇਸ਼, ਤੇਲੰਗਾਨਾ, ਓਡੀਸ਼ਾ ਅਤੇ ਤਾਮਿਲਨਾਡੂ ਵਿੱਚ ਭਾਰੀ ਬਾਰਿਸ਼ ਹੋਣ ਦੀ ਸੰਭਾਵਨਾ ਹੈ। ਭਾਰਤੀ ਮੌਸਮ ਵਿਭਾਗ ਨੇ ਆਂਧਰਾ ਪ੍ਰਦੇਸ਼ ਅਤੇ ਉੱਤਰੀ ਤਾਮਿਲਨਾਡੂ ਦੇ ਤੱਟਵਰਤੀ ਖੇਤਰਾਂ ਲਈ ਚੱਕਰਵਾਤ ਦੀ ਚੇਤਾਵਨੀ ਜਾਰੀ ਕੀਤੀ ਹੈ। ਬਹੁਤ ਜ਼ਿਆਦਾ ਭਾਰੀ ਬਾਰਿਸ਼ ਦੀ ਸੰਭਾਵਨਾ ਦੇ ਮੱਦੇਨਜ਼ਰ ਆਂਧਰਾ ਪ੍ਰਦੇਸ਼ ਦੇ 5 ਜ਼ਿਲ੍ਹਿਆਂ ਵਿੱਚ ਰੈੱਡ ਅਲਰਟ ਜਾਰੀ ਕੀਤਾ ਗਿਆ ਹੈ। ਚੱਕਰਵਾਤ ਦੇ ਮੱਦੇਨਜ਼ਰ ਚੇਨਈ ਵਿੱਚ 11 ਅਤੇ ਵਿਜੇਵਾੜਾ ਵਿੱਚ 10 ਉਡਾਣਾਂ ਰੱਦ ਕਰ ਦਿੱਤੀਆਂ ਗਈਆਂ ਹਨ। ਇਹ ਧਿਆਨ ਦੇਣ ਯੋਗ ਹੈ ਕਿ ਪਿਛਲੇ ਹਫ਼ਤੇ 28 ਅਕਤੂਬਰ ਨੂੰ ਬਹੁਤ ਹੀ ਭਿਆਨਕ ਚੱਕਰਵਾਤ ਅਰਨਬ ਆਂਧਰਾ ਪ੍ਰਦੇਸ਼ ਅਤੇ ਯਾਨਮ ਦੇ ਤੱਟ 'ਤੇ ਟਕਰਾਇਆ ਸੀ। ਤੂਫਾਨ ਤੋਂ ਪਹਿਲਾਂ ਅਤੇ ਦੌਰਾਨ 57,000 ਤੋਂ 84,000 ਲੋਕਾਂ ਨੂੰ ਆਂਧਰਾ ਪ੍ਰਦੇਸ਼ ਦੇ ਰਾਹਤ ਕੈਂਪਾਂ ਵਿੱਚ ਭੇਜਿਆ ਗਿਆ ਸੀ। ਸ਼ੁਰੂਆਤੀ ਅਨੁਮਾਨਾਂ ਅਨੁਸਾਰ ਚੱਕਰਵਾਤ ਨੇ ਲਗਭਗ 4,600 ਕਰੋੜ ਦਾ ਨੁਕਸਾਨ ਕੀਤਾ। ਲੱਖਾਂ ਹੈਕਟੇਅਰ ਚੌਲ ਅਤੇ ਬਾਗਬਾਨੀ ਫਸਲਾਂ ਪ੍ਰਭਾਵਿਤ ਹੋਈਆਂ, ਸੈਂਕੜੇ ਘਰ ਤਬਾਹ ਹੋ ਗਏ ਅਤੇ ਸੜਕਾਂ ਅਤੇ ਬਿਜਲੀ ਦੀਆਂ ਲਾਈਨਾਂ ਨੂੰ ਵੀ ਨੁਕਸਾਨ ਪਹੁੰਚਿਆ। ਓਡੀਸ਼ਾ ਵਿੱਚ ਚੱਕਰਵਾਤ ਤੋਂ ਬਾਅਦ ਭਾਰੀ ਬਾਰਸ਼ ਕਾਰਨ ਦੱਖਣੀ ਜ਼ਿਲ੍ਹਿਆਂ ਗੰਜਾਮ, ਗਜਪਤੀ ਅਤੇ ਕੰਧਮਾਲ ਵਿੱਚ ਅਚਾਨਕ ਹੜ੍ਹ ਅਤੇ ਜ਼ਮੀਨ ਖਿਸਕ ਗਈ। ਗਿਡੀਪਾਬਲੀ ਪਿੰਡ ਅਤੇ ਪਾਤਰਾਪੁਰ ਵਰਗੇ ਖੇਤਰ ਵੀ ਪ੍ਰਭਾਵਿਤ ਹੋਏ। ਹੁਣ ਇਹ ਖੇਤਰ ਕੁਝ ਦਿਨਾਂ ਬਾਅਦ ਇੱਕ ਹੋਰ ਚੱਕਰਵਾਤ ਦਾ ਸਾਹਮਣਾ ਕਰਨ ਦੀ ਤਿਆਰੀ ਕਰ ਰਹੇ ਹਨ।

TPU - THE PANJAB UNIVERSE

LEARN | TRADE | GROW | EARN FOR LIFE

ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ

ਸਾਡੀਆਂ ਸੇਵਾਵਾਂ:

- 100% ਪ੍ਰੈਕਟੀਕਲ ਟਰੇਡਿੰਗ
- ਲਾਈਵ ਮਾਰਕੀਟ ਸਿਖਲਾਈ
- ਬਿਗਨਰ ਤੋਂ ਐਡਵਾਂਸ ਲੈਵਲ ਤੱਕ
- ਇਨਕਿਊਬੇਟਰ ਗਾਈਡੈਂਸ
- ਲਾਈਫ ਟਾਈਮ ਸਪੋਰਟ

ਕੋਰਸ ਵਿੱਚ ਸ਼ਾਮਲ:

- ਇੰਟਰਾਡੇ
- ਸਵਿੰਗ
- ਆਪਸ਼ਨ
- ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
- ਰਿਸਕ ਮੈਨੇਜਮੈਂਟ
- ਇਨਵੈਸਟਮੈਂਟ ਸਟ੍ਰੈਟਜੀ
- ਪ੍ਰੈਕਟੀਕਲ ਟਰੇਡਿੰਗ ਸਿਸਟਮ

ਆਵਾਜ਼ ਕੌਮ AWAZE QAUM International Newspaper & WEB TV

ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ


ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ
ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ

+91 76961 59766

Instagram: thepanjabuniverse / the.panjabuniverse (ਜਲੰਧਰ)

ਸਾਡਾ ਪਤਾ: Lambra near Jalandhar

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ



Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਦਮਦਮੀ ਟਕਸਾਲ
ਨਾਮ ਜਪੋ ਕਿਰਤ ਕਰੋ ਵੰਡ ਛੱਕੋ
Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA
WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke
Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and
Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ
ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਸ੍ਰ: ਸੁਰਜੀਤ ਸਿੰਘ ਭਾਗੀਕੇ ਦੇ ਭੋਗ ਅਤੇ ਅੰਤਿਮ ਅਰਦਾਸ ਮੌਕੇ

ਵੱਡੀ ਗਿਣਤੀ ਵਿੱਚ ਗੁਰਸੰਗਤਾਂ ਨੇ ਭਰੀ ਹਾਜਰੀ

ਐੱਮ ਐੱਲ ਏ ਸਰਵਜੀਤ ਕੌਰ ਮਾਣੂੰਕੇ ਅਤੇ ਐੱਮ ਐੱਲ ਏ ਮਨਜੀਤ ਸਿੰਘ ਬਿਲਾਸਪੁਰ ਨੇ ਪਰਿਵਾਰ ਨਾਲ ਕੀਤਾ ਗਹਿਰੇ ਦੁੱਖ ਦਾ ਪ੍ਰਗਟਾਵਾ











ਨਿਹਾਲ ਸਿੰਘ ਵਾਲਾ/ਮੋਗਾ (ਵਰਿਆਮ ਹਠੂਰ) ਲੇਖਕ ਅਤੇ ਕਵੀਸ਼ਰ ਵਾਹਿਗੁਰੂ ਪਾਲ ਸਿੰਘ ਬੁਰਜ ਕਲਾਰਾ ਅਤੇ ਮਿਸਤਰੀ ਪਰਮਜੀਤ ਸਿੰਘ ਰਾਮਗੜ੍ਹੀਆ ਦੇ ਸਤਿਕਾਰਯੋਗ (ਜੀਜਾ ਜੀ) ਸ੍ਰ: ਸੁਰਜੀਤ ਸਿੰਘ ਭਾਗੀਕੇ ਜੋ ਜੋ ਬੀਤੇ ਦਿਨੀਂ ਆਪਣੇ ਸੁਆਸਾਂ ਰੂਪੀ ਪੂੰਜੀ ਅਤੇ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਅਕਾਲ ਚਲਾਣਾ ਕਰ ਗਏ ਸਨ ਉਨ੍ਹਾਂ ਦੇ ਨਮਿੱਤ ਪ੍ਰਕਾਸ਼ ਕਰਵਾਏ ਸ੍ਰੀ ਸਹਿਜ ਪਾਠ ਦੇ ਭੋਗ ਅਤੇ ਅੰਤਿਮ ਅਰਦਾਸ ਗੁਰਦੁਆਰਾ ਭਾਗਸਰ ਸਾਹਿਬ ਪਿੰਡ ਭਾਗੀਕੇ (ਮੋਗਾ) ਵਿਖੇ ਹੋਈ, ਸਵੇਰੇ ਸਤਿਗੁਰਾਂ ਦੀ ਇਲਾਹੀ ਬਾਣੀ ਦੇ ਜਾਪ ਹੋਏ ਤੇ ਪ੍ਰਕਾਸ਼ ਕੀਤੇ ਸ੍ਰੀ ਸਹਿਜ ਪਾਠ ਦੇ ਭੋਗ ਪਾਏ ਗਏ, ਪਰਿਵਾਰਕ ਮੈਂਬਰਾਂ, ਰਿਸਤੇਦਾਰਾਂ ਸਮੇਤ ਵੱਖ-ਵੱਖ ਧਾਰਮਿਕ, ਸਮਾਜਿਕ, ਅਤੇ ਰਾਜਨੀਤਕ ਸ਼ਖਸੀਅਤਾਂ ਸਮੇਤ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਨੇ ਆਪਣੀ ਹਾਜਰੀ ਭਰੀ ਤੇ ਜੁੱਗੋ ਯੁੱਗ ਅਟੱਲ ਚਵਰ, ਛਤਰ, ਤਖਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਸਿਜਦਾ ਭੇਟ ਕੀਤਾ, ਉਪਰੰਤ ਭਾਈ ਸਵਰਜੀਤ ਸਿੰਘ ਰਬਾਬੀ ਲੋਪੋ ਵਾਲਿਆਂ ਦੇ ਕੀਰਤਨੀ ਜੱਥੇ ਨੇ ਸ਼ਬਦ ਕੀਰਤਨ ਰਾਹੀਂ ਸੰਗਤਾਂ ਦਾ ਦਿਲ ਮੋਹ ਲਿਆ, ਇਸ ਤੋਂ ਇਲਾਵਾ ਗੁਰੂ ਘਰ ਦੇ ਹੈੱਡ ਗ੍ਰੰਥੀ ਬਾਬਾ ਦਰਸ਼ਨ ਸਿੰਘ ਜੀ ਪੱਖੋ ਕਲਾਂ ਵਾਲਿਆਂ ਦੇ ਕੀਰਤਨੀ ਜੱਥੇ ਨੇ ਵੀ ਕੀਰਤਨ ਰਾਹੀਂ ਆਪਣੀ ਹਾਜਰੀ ਭਰੀ, ਅਕਾਲੀ ਪੰਥਕ ਲਹਿਰ ਦੇ ਸੀਨੀਅਰ ਆਗੂ ਜਥੇਦਾਰ ਗੁਰਜੀਵਨ ਸਿੰਘ ਸਰੌਦ, ਅਤੇ ਕਵੀਸ਼ਰ ਭਾਈ ਕਲਵੰਤ ਸਿੰਘ ਮਾਣੂੰਕੇ ਨੇ ਸਰਦਾਰ ਸੁਰਜੀਤ ਸਿੰਘ ਭਾਗੀਕੇ ਨੂੰ ਸਰਧਾ ਦੇ ਫੁੱਲ ਭੇਟ ਕੀਤੇ, ਜਗਰਾਉਂ ਤੋਂ ਐੱਮ ਐੱਲ ਏ ਬੀਬੀ ਸਰਵਜੀਤ ਕੌਰ ਮਾਣੂੰਕੇ ਅਤੇ ਹਲਕਾ ਨਿਹਾਲ ਸਿੰਘ ਵਾਲਾ ਤੋਂ ਐੱਮ ਐੱਲ ਏ ਮਨਜੀਤ ਸਿੰਘ ਬਿਲਾਸਪੁਰ, ਸ਼੍ਰੋਮਣੀ ਅਕਾਲੀ ਦਲ ਤੋਂ ਜਿਲ੍ਹਾ ਪ੍ਰਧਾਨ ਚੰਦ ਸਿੰਘ ਡੱਲਾ, ਪ੍ਰੋਫੈਸਰ ਸੁਖਵਿੰਦਰ ਸਿੰਘ, ਆਕਾਲੀ ਪੰਥਕ ਲਹਿਰ ਦੇ ਸੀਨੀਅਰ ਆਗੂ ਜਥੇਦਾਰ ਗੁਰਜੀਵਨ ਸਿੰਘ ਸਰੌਦ, ਸੋਨੂ ਜੈਨ ਰਾਏਕੋਟ, ਅਕਾਸ ਗੁਪਤਾ ਰਾਏਕੋਟ, ਚੇਅਰਮੈਨ ਅਜੀਤ ਸਿੰਘ, ਪ੍ਰਗਟ ਸਿੰਘ ਰਾਮਗੜ੍ਹੀਆ ਅਕਾਲ ਜੱਥੇਬੰਦੀ ਮਹਿਲ ਕਲਾਂ, ਕਰਮ ਸਿੰਘ, ਸਰਪੰਚ ਚਮਕੌਰ ਸਿੰਘ ਕੈਨੇਡਾ, ਅਵਤਾਰ ਸਿੰਘ ਸਿੱਧੂ ਬੁਰਜ ਕਲਾਰਾ, ਅਵਤਾਰ ਸਿੰਘ ਹਿੰਮਤਪੁਰਾ, ਗਿਆਨੀ ਗੁਰਨਾਮ ਸਿੰਘ ਬਰਾੜ ਸਭਾ ਦੇ ਪ੍ਰਧਾਨ ਮਨਪ੍ਰੀਤ ਸਿੰਘ ਮਾਨ, ਕਵੀਸ਼ਰ ਤਰਸੇਮ ਸਿੰਘ, ਕਵੀਸ਼ਰ ਰਾਏ ਸਿੰਘ ਲੱਖਾ, ਕਵੀਸ਼ਰ ਇਕਬਾਲ ਸਿੰਘ ਬਰਾੜ, ਕਵੀਸ਼ਰ ਸਾਮ ਦਾਸ ਭੱਟੀ ਵਾਲ, ਕਵੀਸ਼ਰ ਲਖਵੀਰ ਸਿੰਘ ਤਖਤੂਪੁਰਾ, ਕਵੀਸ਼ਰ ਬਲਦੇਵ ਸਿੰਘ, ਕਵੀਸ਼ਰ ਗੁਰਮੇਲ ਸਿੰਘ, ਪ੍ਰਧਾਨ ਅਮਰਪ੍ਰੀਤ ਲਾਡੀ ਹਠੂਰ, ਮਿੱਠੂ ਸਿੰਘ ਬੁਰਜ ਕੁਲਾਰਾ, ਮੈਬਰ ਗੁਰਪ੍ਰੀਤ ਸਿੰਘ, ਕਵੀਸ਼ਰ ਉਕਾਰ ਮਾਝੀ, ਕਵੀਸ਼ਰ ਲਖਵੀਰ ਸਿੰਘ ਸਮਾਧ ਭਾਈ, ਲਖਵੀਰ ਸਿੰਘ ਹਿੰਮਤਪੁਰਾ, ਅਮਰਪਾਲ ਸਿੰਘ ਲੁਧਿਆਣਾ, ਭੈਣ ਨਰਿੰਦਰ ਕੌਰ ਰਾਣੀ, ਸਾਬਕਾ ਸਰਪੰਚ ਜਗਦੇਵ ਸਿੰਘ ਜੱਗਾ ਬੁਰਜ ਕਲਾਰਾ, ਬਾਬਾ ਗੁਰਨਾਇਬ ਸਿੰਘ ਰਾਮਾ, ਮਿਸਤਰੀ ਨਰਿੰਦਰ ਸਿੰਘ ਧਨੇਰ ਰਾਮਗੜ੍ਹੀਆ, ਮਕੰਦ ਸਿੰਘ ਮਹਿਲ ਕਲਾਂ, ਡਾਕਟਰ ਜਤਿੰਦਰ ਸਿੰਘ ਹਠੂਰ ਗਿੱਲ ਹਸਪਤਾਲ, ਬਲਵੀਰ ਸਿੰਘ ਬੁੱਟਰ ਹਠੂਰ, ਪ੍ਰਧਾਨ ਜੋਰਾ ਸਿੰਘ ਰਸੂਲਪੁਰ, ਕਵੀਸ਼ਰ ਭਾਈ ਕਲਵੰਤ ਸਿੰਘ ਮਾਣੂੰਕੇ ਸਮੇਤ ਵੱਖ-ਵੱਖ ਸ਼ਖਸੀਅਤਾਂ ਨੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ, ਅੰਤ ਵਿੱਚ ਲੇਖਕ ਅਤੇ ਕਵੀਸ਼ਰ ਵਾਹਿਗੁਰੂ ਪਾਲ ਸਿੰਘ ਬੁਰਜ ਕਲਾਰਾ ਨੇ ਅੰਤਿਮ ਅਰਦਾਸ ਸਮਾਗਮ ਵਿੱਚ ਹਾਜਰੀਆਂ ਭਰਨ ਵਾਲੀਆਂ ਸਮੂਹ ਗੁਰਸੰਗਤਾਂ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

Vehicle360

Professional Car Repairs & Servicing

West Bromwich

CAR SERVICES – ALL MAKES & MODELS

FREE VEHICLE HEALTH CHECK

- Full & Interim Servicing
- Diagnostics & Fault Finding
- Clutches & Gearboxes
- Timing Chains & Cambelts
- DPF & Engine Repairs
- Brakes, Suspension & Exhausts
- Experienced mechanics
- (7–10 years)
- Honest advice & fair pricing
- Quality / OEM parts used



CALL NOW: 0121 269 9586

12 Ridgacre Rd, West Bromwich, B71 1DB

Your local trusted garage

ਆਵਾਜ਼ਿ ਕੌਮ AWAZE QAUM International Newspaper & WEB TV

ਸੇਂਟ ਸੋਲਜਰ ਸਕੂਲ ਵਿਖੇ

ਪੰਜਾਬ ਸਥਾਪਨਾ ਦਿਵਸ ਪੂਰੇ ਮਾਣ ਅਤੇ ਉਤਸ਼ਾਹ ਨਾਲ ਮਨਾਇਆ ਗਿਆ



ਜੰਡਿਆਲਾ ਗੁਰੂ 1 ਨਵੰਬਰ (**ਕੁਲਵੰਤ ਸਿੰਘ ਵਿਰਦੀ**)-ਸੇਂਟ ਸੋਲਜ਼ਰ ਇਲੀਟ ਕਾਨਵੈਂਟ ਸਕੂਲ, ਜੰਡਿਆਲਾ ਗੁਰੂ ਵਿਖੇ ਪੰਜਾਬ ਸਥਾਪਨਾ ਦਿਵਸ ਬੜੇ ਉਤਸ਼ਾਹ, ਮਾਣ ਅਤੇ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਵਿੱਚ ਵਿਸ਼ੇਸ਼ ਸਵੇਰ ਦੀ ਸਭਾ ਦਾ ਖ਼ਾਸ ਆਯੋਜਨ ਕੀਤਾ ਗਿਆ, ਜਿਸ ਦੌਰਾਨ ਵਿਦਿਆਰਥੀਆਂ ਨੇ ਪੰਜਾਬ ਦੇ ਅਮੀਰ ਸੱਭਿਆਚਾਰ, ਸ਼ਾਨਦਾਰ ਇਤਿਹਾਸ ਅਤੇ ਮਾਣਮੱਤੀਆਂ ਪਰੰਪਰਾਵਾਂ ਦੀ ਖੂਬਸੂਰਤ ਝਲਕ ਪੇਸ਼ ਕੀਤੀ।ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਸਮੂਹ ਗੀਤ, ਮੇਰਾ ਦੇਸ਼ ਹੋਵੇ ਪੰਜਾਬ ਗਾ ਕੇ ਪੰਜਾਬ ਦੀ ਮਿੱਟੀ ਨੂੰ ਸਜਦਾ ਕੀਤਾ। ਉਪਰੰਤ ਪੰਜਾਬੀ ਵਿਭਾਗ ਦੇ ਮੈਡਮ ਮਨਦੀਪ ਕੌਰ ਜੀ ਨੇ ਪੰਜਾਬ ਦੇ ਇਤਿਹਾਸ ਨੂੰ ਦਰਸਾਉਂਦੀ ਬੜੀ ਹੀ ਭਾਵਪੂਰਨ ਕਵਿਤਾ ਪੇਸ਼ ਕੀਤੀ। ਉਪਰੰਤ ਪੰਜਾਬੀ ਅਧਿਆਪਕਾ ਮੈਡਮ ਪਰਮਿੰਦਰ ਕੌਰ ਜੀ ਨੇ ਵੀ ਆਪਣੇ ਸ਼ਬਦਾਂ ਰਾਹੀਂ ਪੰਜਾਬ ਦੀ ਖੂਬਸੂਰਤ ਤਸਵੀਰ ਪੇਸ਼ ਕੀਤੀ।ਉਪਰੰਤ ਸਕੂਲ ਦੇ ਵਿਦਿਆਰਥੀਆਂ ਵੱਲੋਂ ਪੰਜਾਬ ਨੂੰ ਪੇਸ਼ ਆਉਂਦੀਆਂ ਮੁਸ਼ਕਿਲਾਂ ਪੰਜਾਬ ਦੇ ਨੌਜਵਾਨਾਂ ਦੀ ਕਹਾਣੀ ਅਤੇ ਪੰਜਾਬ ਨੂੰ ਖੁਸ਼ਹਾਲ ਬਣਾਉਣ ਦੇ ਅਰਥਾਂ ਨਾਲ ਭਰਪੂਰ ਇੱਕ ਸ਼ਾਨਦਾਰ ਕੋਰੀਓਗ੍ਰਾਫੀ ਪੇਸ਼ ਕੀਤੀ। ਜਿਹੜੀ ਸਰੋਤਿਆਂ ਦੇ ਮਨਾਂ ਵਿੱਚ ਅਮਿਟ ਛਾਪ ਛੱਡ ਗਈ। ਉਪਰੰਤ ਵਿਦਿਆਰਥੀਆਂ ਨੇ ਪੰਜਾਬ ਦੀ ਸ਼ਾਨ ਨੂੰ ਦਰਸਾਉਂਦੇ ਜੋਸ਼ੀਲੇ ਅਤੇ ਸਿੱਖਿਆਦਾਇਕ ਅਤੇ ਮਨਮੋਹਕ ਸਲੋਗਨ ਲਿਖ ਕੇ ਪੰਜਾਬੀ ਵਿਰਸੇ ਦੀ ਮਹੱਤਤਾ ਨੂੰ ਉਜਾਗਰ ਕੀਤਾ ।ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਨੇ ਹਾਜ਼ਰ ਸਭਨਾਂ ਨੂੰ ਪੰਜਾਬ ਦੇ ਸੁਨਹਿਰੀ ਇਤਿਹਾਸ ਅਤੇ ਅਮੀਰ ਸੱਭਿਆਚਾਰ ਨਾਲ ਜੋੜਿਆ ।ਪੰਜਾਬੀ ਵਿਭਾਗ ਦੇ ਅਧਿਆਪਕਾਂ ਮੈਡਮ ਰਜਨੀ ਮੈਡਮ ਰੁਪਿੰਦਰਜੀਤ ਕੌਰ ਅਤੇ ਮੈਡਮ ਤਲਜੀਤ ਕੌਰ ਜੀ ਅਤੇ ਮੈਡਮ ਜਸਪ੍ਰੀਤ ਕੌਰ ਜੀ ਨੇ ਵੀ ਪੂਰੇ ਜੋਸ਼, ਲਗਨ ਅਤੇ ਸਮਰਪਣ ਨਾਲ ਪੰਜਾਬੀ ਮਾਂ-ਬੋਲੀ, ਸੱਭਿਆਚਾਰ ਅਤੇ ਵਿਰਸੇ ਦੀ ਅਮੀਰੀ ਨੂੰ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ।ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਅਤੇ ਡਾਇਰੈਕਟਰ-ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਨੇ ਪੰਜਾਬੀ ਵਿਭਾਗ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਨੇ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਨੂੰ ਆਪਣੇ ਸੱਭਿਆਚਾਰ, ਮਾਂ-ਬੋਲੀ ਅਤੇ ਵਿਰਸੇ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਅੰਦਰ ਆਪਣੀ ਪੰਜਾਬੀ ਪਛਾਣ ਪ੍ਰਤੀ ਮਾਣ ਦੀ ਭਾਵਨਾ ਵੀ ਪੈਦਾ ਕਰਦੇ ਹਨ। ਉਨ੍ਹਾਂ ਨੇ ਇਸ ਯਾਦਗਾਰੀ ਸਮਾਗਮ ਦੀ ਸਫ਼ਲਤਾ ਲਈ ਸਮੂਹ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ ਵਾਈਸ ਪ੍ਰਿੰਸੀਪਲ ਸ਼ਿਲਪਾ ਸ਼ਰਮਾ ਕੋਆਰਡੀਨੇਟਰ ਨੀਲਾਕਸ਼ੀ ਗੁਪਤਾ, ਕੋਆਰਡੀਨੇਟਰ ਮਮਤਾ ਅਰੋੜਾ ਸਮੂਹ ਸਟਾਫ ਅਤੇ ਬੱਚੇ ਹਾਜਰ ਸਨ।

ਆਵਾਜ਼ਿ ਕੌਮ AWAZE QAUM
International Newspaper & WEB TV

ਵਿਦਿਆਰਥੀਆਂ ਨੂੰ ਸੱਭਿਆਚਾਰ, ਮਾਂ-ਬੋਲੀ ਅਤੇ ਵਿਰਸੇ ਨਾਲ ਜੋੜੀ ਰੱਖਣ ਲਈ ਅਜਿਹੇ ਸਮਾਗਮਾਂ ਦੀ ਲੋੜ ਡਾ: ਮੰਗਲ ਸਿੰਘ ਕਿਸ਼ਨਪੁਰੀ

ਮਿਡ-ਡੇ-ਮੀਲ ਇੰਚਾਰਜ ਅੰਮ੍ਰਿਤਪਾਲ ਸਿੰਘ ਬਰਾੜ ਵੱਲੋਂ ਆਪਣੇ ਪਿਤਾ ਦੀ ਯਾਦ 'ਚ ਸਰਕਾਰੀ ਸਕੂਲ ਭਾਗੀਵਾਂਦਰ ਨੂੰ ਕੀਤਾ ਆਰ.ਓ. ਦਾਨ



ਤਲਵੰਡੀ ਸਾਬੋ, 2 ਨਵੰਬਰ (ਗੁਰਜੰਟ ਸਿੰਘ ਨਥੇਹਾ)-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਾਗੀਵਾਂਦਰ (ਬਠਿੰਡਾ) ਦੇ ਮਿਡ ਡੇ ਮੀਲ ਦੇ ਇੰਚਾਰਜ ਸ. ਅੰਮ੍ਰਿਤਪਾਲ ਸਿੰਘ ਬਰਾੜ ਖੇਤੀਬਾੜੀ ਮਾਸਟਰ ਨੇ ਆਪਣੇ ਸਵਰਗਵਾਸੀ ਪਿਤਾ ਸ. ਮਲਕੀਅਤ ਸਿੰਘ ਬਰਾੜ ਦੀ ਯਾਦ ਵਿੱਚ ਸਕੂਲ ਦੇ ਵਿੱਚ ਬੱਚਿਆਂ ਲਈ ਬਣਦੇ ਦੁਪਿਹਰ ਦੇ ਖਾਣੇ ਲਈ ਸਾਫ ਪਾਣੀ ਮੁਹੱਈਆ ਕਰਨ ਲਈ ਸਕੂਲ ਨੂੰ ਕੈਂਟ ਕੰਪਨੀ ਦਾ ਇੱਕ ਆਰ.ਓ. ਭੇਂਟ ਕੀਤਾ। ਸਕੂਲ ਵਿੱਚ ਲਗਭਗ ਰੋਜ਼ਾਨਾ 200 ਵਿਦਿਆਰਥੀਆਂ ਦਾ ਖਾਣਾ ਬਣਦਾ ਹੈ। ਉਹਨਾਂ ਦਾ ਸੋਚਣਾ ਹੈ ਕਿ ਬੱਚਿਆਂ ਲਈ ਦੁਪਿਹਰ ਦਾ ਖਾਣਾ ਬਣਾਉਣ ਲਈ ਸ਼ੁੱਧ ਪਾਣੀ ਦੀ ਵਰਤੋਂ ਕੀਤੀ ਜਾਵੇ। ਸਕੂਲ ਦੇ ਇੰਚਾਰਜ ਪ੍ਰਿੰਸੀਪਲ ਸ੍ਰੀਮਤੀ ਸੁਖਦੀਪ ਕੌਰ ਅਤੇ ਸਟਾਫ ਮੈਂਬਰਜ਼ ਸ. ਰੋਹੀ ਸਿੰਘ, ਮੈਡਮ ਮਨਦੀਪ ਕੌਰ, ਮੈਡਮ ਗੁਰਵਿੰਦਰ ਕੌਰ, ਸ੍ਰੀਮਤੀ ਲਖਵਿੰਦਰ ਕੌਰ, ਸ੍ਰੀਮਤੀ ਮਨਜਿੰਦਰ ਕੌਰ, ਸ੍ਰੀਮਤੀ ਪਰਮਿੰਦਰ ਕੌਰ, ਸ੍ਰੀਮਤੀ ਕਰਮਜੀਤ ਕੌਰ ਅਤੇ ਬਾਕੀ ਸਟਾਫ ਮੈਂਬਰਜ਼ ਨੇ ਸ.ਅੰਮ੍ਰਿਤਪਾਲ ਸਿੰਘ ਬਰਾੜ ਦੇ ਇਸ ਉੱਦਮ ਦੀ ਸ਼ਲਾਘਾ ਕਰਦਿਆਂ ਧੰਨਵਾਦ ਕੀਤਾ। ਸਕੂਲ ਇੰਚਾਰਜ ਪ੍ਰਿੰਸੀਪਲ ਮੈਡਮ ਸੁਖਦੀਪ ਕੌਰ ਨੇ ਕਿਹਾ ਕਿ ਸਕੂਲ ਵਿੱਚ ਆਪਣੇ ਵਿਦਿਆਰਥੀਆਂ ਦੀ ਭਲਾਈ ਬਾਰੇ ਸੋਚਣਾ ਇੱਕ ਨੇਕ ਕਾਰਜ ਹੈ ਅਤੇ ਸਾਡਾ ਮੁੱਢਲਾ ਫਰਜ਼ ਵੀ ਹੈ। ਸਾਨੂੰ ਸਭ ਨੂੰ ਅਜਿਹੇ ਉੱਦਮ ਕਰਨੇ ਚਾਹੀਦੇ ਹਨ।

ਆਵਾਜ਼ਿ ਕੌਮ AWAZE QAUM
International Newspaper & WEB TV

ਗੁਰਦੁਆਰਾ ਸੱਚਖੰਡ ਬੋਰਡ ਦੀ ਬਹਾਲੀ ਦੀ ਖੁਸ਼ੀ ਮਨਾਉਂਦੇ ਹੋਏ, ਨਾਂਦੇੜ ਦੇ ਗੁਰਦੁਆਰਾ ਬੋਰਡ ਦੇ ਮੀਤ-ਪ੍ਰਧਾਨ ਸ਼. ਗੁਰਿੰਦਰ ਸਿੰਘ ਜੀ ਬਾਵਾ ਅਤੇ ਉਨ੍ਹਾਂ ਦੇ ਸਾਥੀਆਂ ਨੇ ਲਗਭਗ 20-25 ਕਰੋੜ ਰੁਪਏ ਦੀਆਂ ਸੇਵਾਵਾਂ ਦਾ ਕੀਤਾ ਐਲਾਨ



ਚੌਕ ਮਹਿਤਾ, 2 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਗੁਰੂ ਮਹਾਰਾਜ ਦੀ ਬੇਅੰਤ ਕਿਰਪਾ ਨਾਲ, ਮਹਾਰਾਸ਼ਟਰ ਸਰਕਾਰ ਨੇ, ਮਾਣਯੋਗ ਅਦਾਲਤ ਦੇ ਹੁਕਮਾਂ ਅਨੁਸਾਰ, 26-10-2026 ਨੂੰ, ਇੱਕ ਇਤਿਹਾਸਕ ਫੈਸਲੇ ਰਾਹੀਂ ਗੁਰਦੁਆਰਾ ਸੱਚਖੰਡ ਬੋਰਡ ਨੂੰ 29-06-2022 ਤੱਕ ਇਸਦੀ ਅਸਲ ਸਥਿਤੀ ਵਿੱਚ ਬਹਾਲ ਕਰ ਦਿੱਤਾ। ਇਸ ਲਈ ਤੁਹਾਨੂੰ ਸਾਰਿਆਂ ਨੂੰ ਅਤੇ ਸਾਧ ਸੰਗਤ ਨੂੰ ਬਹੁਤ-ਬਹੁਤ ਵਧਾਈਆਂ।ਅਤੇ ਮਹਾਰਾਸ਼ਟਰ ਦੇ ਮਾਨਯੋਗ ਮੁੱਖ ਮੰਤਰੀ ਸ਼੍ਰੀ ਦੇਵੇਂਦਰ ਫੜਨਵੀਸ ਦਾ ਦਿਲੋਂ ਧੰਨਵਾਦ। ਗੁਰੂ ਮਹਾਰਾਜ ਦੇ ਆਸ਼ੀਰਵਾਦ ਨਾਲ, ਅਸੀਂ ਸਾਰੇ ਮੈਂਬਰ ਇਹ ਐਲਾਨ ਕਰਦੇ ਹੋਏ ਖੁਸ਼ ਹਾਂ ਕਿ ਇਸ ਸਾਲ, ਦੀਵਾਲੀ ਅਤੇ ਗੁਰੂਤਾਗੱਦੀ ਦੇ ਮੌਕੇ 'ਤੇ,

1. ਸਾਰੇ ਕਰਮਚਾਰੀਆਂ (ਸਥਾਈ, ਰੋਜਨਦਾਰੀ, ਉਜਰਤ, ਅਗਿਆ, ਮਾਣਧਨ, ਆਦਿ) ਨੂੰ ਗੁਰਦੁਆਰਾ ਬੋਰਡ ਵੱਲੋਂ 50 ਪ੍ਰਤੀਸ਼ਤ ਤਨਖਾਹ ਬੋਨਸ ਦਿੱਤਾ ਜਾਂਦਾ ਹੈ।

2- ਗੁਰਦੁਆਰਾ ਬੋਰਡ ਦੀ ਸੂਚੀ ਅਨੁਸਾਰ ਸਾਰੀਆਂ ਵਿਧਵਾਵਾਂ, ਮਾਵਾਂ ਅਤੇ ਭੈਣਾਂ ਨੂੰ ਗੁਰਦੁਆਰਾ ਬੋਰਡ ਵੱਲੋਂ 1000/- ਰੁਪਏ ਦੀ ਦੀਵਾਲੀ ਦਾ ਤੋਹਫਾ (ਵਾਧੂ ਪੈਨਸ਼ਨ) ਦਿੱਤਾ ਜਾਂਦਾ ਹੈ।

* ਗੁਰਦੁਆਰਾ ਬੋਰਡ ਦੇ ਮੀਤ ਪ੍ਰਧਾਨ, ਸ਼.ਗੁਰਿੰਦਰ ਸਿੰਘ ਬਾਵਾ ਅਤੇ ਉਨ੍ਹਾਂ ਦੇ ਸਹਿਯੋਗੀ ਟਰੱਸਟ ਵੱਲੋਂ ਇੱਕ ਐਮਆਰਆਈ, ਸੀਟੀ ਸਕੈਨ, ਐਕਸ-ਰੇ, ਖੂਨ ਦੀ ਜਾਂਚ ਅਤੇ ਸੋਨੋਗ੍ਰਾਫੀ ਮਸ਼ੀਨ ਲਗਾਈ ਜਾਵੇਗੀ, ਜਿਸ ਵਿੱਚ ਦੁਨੀਆ ਵਿੱਚ ਸਭ ਤੋਂ ਘੱਟ ਦਰਾਂ 'ਤੇ ਹਰ ਤਰ੍ਹਾਂ ਦੇ ਟੈਸਟ ਕੀਤੇ ਜਾਣਗੇ। ਇਸ ਦੀ ਕੀਮਤ ਲਗਭਗ 15 ਕਰੋੜ ਰੁਪਏ ਹੋਵੇਗੀ।

4- ਹੈਦਰਾਬਾਦ ਦੇ ਗੁਰੂਘਰ ਦੇ ਪੇਮੀ, ਸ਼ ਸੁਰਿੰਦਰ ਸਿੰਘ ਸਲੂਜਾ, ਜੋ ਕਿ ਗੁਰਦੁਆਰਾ ਬੋਰਡ ਦੇ ਮੀਤ-ਪ੍ਰਧਾਨ ਸ਼. ਗੁਰਿੰਦਰ ਸਿੰਘ ਬਾਵਾ, ਜੋ ਕਿ ਧਰਮ ਵਿੱਚ ਇੰਨਾ ਦੇ ਵੱਡੇ ਭਰਾ ਹਨ, ਗੁਰਦੁਆਰੇ ਲਈ ਇੱਕ ਸੋਲਾਰ ਸਿਸਟਮ ਲਗਾਉਣਗੇ, ਜਿਸਦੀ ਕੁੱਲ ਕੀਮਤ ਲਗਭਗ 5 ਕਰੋੜ ਰੁਪਏ ਹੋਵੇਗੀ ਸੂਰਜੀ ਸਿਸਟਮ ਦੀ ਸਥਾਪਨਾ ਤੋਂ ਗੁਰੂਘਰ ਦੇ ਸਾਲਾਨਾ ਬਿਜਲੀ ਬਿੱਲ ਵਿੱਚ ਹੋਣ ਵਾਲੀ ਜੋ ਵੀ ਬੱਚਤ ਹੋਵੇਗੀ, ਉਸ ਤੋਂ ਗੁਰਸਿੱਖ ਬੱਚਿਆਂ ਦੀ ਸਿੱਖਿਆ ਲਈ ਵਰਤੀ ਜਾਵੇਗੀ। ਅਸੀਂ ਭਵਿੱਖ ਵਿੱਚ ਸੰਗਤ ਨੂੰ ਸਾਰੀਆਂ ਸੇਵਾਵਾਂ ਪ੍ਰਦਾਨ ਕਰਨ ਲਈ ਵਚਨਬੱਧ ਹਾਂ, ਜਿਸ ਵਿੱਚ ਰਿਹਾਇਸ਼ੀ ਇਮਾਰਤਾਂ, ਹਸਪਤਾਲ, ਸਿੱਖਿਆ ਅਤੇ ਹੋਰ ਬਹੁਤ ਕੁਝ ਸ਼ਾਮਲ ਹੈ।

ਆਵਾਜ਼ਿ ਕੌਮ AWAZE QAUM
International Newspaper & WEB TV

ਅਕਾਲ ਯੂਨੀਵਰਸਿਟੀ ਦੇ ਫਿਜ਼ੀਓਥੈਰੇਪੀ ਵਿਭਾਗ ਵਲੋਂ ਸ਼੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਵਿਖੇ

ਆਯੋਜਿਤ ਰਾਸ਼ਟਰੀ ਸਿੰਪੋਜ਼ੀਅਮ ਵਿੱਚ ਸਰਗਰਮ ਸ਼ਮੂਲੀਅਤ



ਤਲਵੰਡੀ ਸਾਬੋ, 02 ਨਵੰਬਰ (ਗੁਰਜੰਟ ਸਿੰਘ ਨਥੇਹਾ)- ਅਕਾਲ ਯੂਨੀਵਰਸਿਟੀ ਦੇ ਫਿਜ਼ੀਓਥੈਰੇਪੀ ਵਿਭਾਗ ਵਲੋਂ ਸ਼੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਵਿਖੇ ਆਯੋਜਿਤ ਰਾਸ਼ਟਰੀ ਸਿੰਪੋਜ਼ੀਅਮ ਵਿੱਚ ਸਰਗਰਮ ਸ਼ਮੂਲੀਅਤ ਕੀਤੀ ਗਈ। ਇਸ ਰਾਸ਼ਟਰੀ ਪੱਧਰ ਦੇ ਸਮਾਗਮ ਵਿੱਚ ਵਿਭਾਗ ਦੇ 30 ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਹਿੱਸਾ ਲਿਆ। ਇਸ ਦੌਰੇ ਦਾ ਮੁੱਖ ਮਨੋਰਥ ਵਿਦਿਆਰਥੀਆਂ ਨੂੰ ਸਟ੍ਰੋਕ (ਦੌਰੇ) ਦੀ ਰੋਕਥਾਮ, ਦਿਲ ਦੀ ਸਿਹਤ ਅਤੇ ਨਿਊਰੋਲੋਜੀਕਲ ਉਪਚਾਰ ਵਰਗੇ ਮਹੱਤਵਪੂਰਨ ਵਿਸ਼ਿਆਂ ਬਾਰੇ ਜਾਗਰੂਕ ਕਰਨਾ ਅਤੇ ਫਿਜ਼ੀਓਥੈਰੇਪੀ ਖੇਤਰ ਵਿੱਚ ਹੋ ਰਹੀਆਂ ਆਧੁਨਿਕ ਖੋਜਾਂ ਤੋਂ ਜਾਣੂ ਕਰਵਾਉਣਾ ਸੀ। ਇਸ ਸਿੰਪੋਜ਼ੀਅਮ ਦੌਰਾਨ ਵਿਦਿਆਰਥੀਆਂ ਨੇ ਖੋਜ ਪੱਤਰ ਅਤੇ ਪੋਸਟਰ ਪ੍ਰਦਰਸ਼ਨੀਆਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲਿਆ, ਜਿਸ ਨਾਲ ਉਨ੍ਹਾਂ ਦੀ ਵਿਗਿਆਨਕ ਸੰਚਾਰ ਕਲਾ, ਆਲੋਚਨਾਤਮਕ ਸੋਚ ਅਤੇ ਖੋਜ ਪ੍ਰਤੀ ਰੁਚੀ ਵਿੱਚ ਵਾਧਾ ਹੋਇਆ। ਇਸ ਸਮਾਗਮ ਵਿੱਚ ਅਕਾਲ ਯੂਨੀਵਰਸਿਟੀ ਦੇ ਫਿਜ਼ੀਓਥੈਰੇਪੀ ਵਿਭਾਗ ਦੀ ਮੁਖੀ ਡਾ. ਨਵਜੋਤ ਕੌਰ ਨੂੰ ਇੱਕ ਵਿਗਿਆਨਕ ਸੈਸ਼ਨ ਦੀ ਪ੍ਰਧਾਨਗੀ ਕਰਨ ਲਈ ਵਿਸ਼ੇਸ਼ ਤੌਰ 'ਤੇ ਸੱਦਾ ਦਿੱਤਾ ਗਿਆ, ਜਿੱਥੇ ਆਯੋਜਕ ਕਮੇਟੀ ਵਲੋਂ ਉਨ੍ਹਾਂ ਦੀਆਂ ਅਕਾਦਮਿਕ ਸੇਵਾਵਾਂ ਲਈ ਭਰਪੂਰ ਸ਼ਲਾਘਾ ਕੀਤੀ ਗਈ। ਇਸ ਰਾਸ਼ਟਰੀ ਸਮਾਗਮ ਨੇ ਬੀ.ਪੀ.ਟੀ. ਦੇ ਤੀਜੇ ਅਤੇ ਚੌਥੇ ਸਾਲ ਦੇ ਵਿਦਿਆਰਥੀਆਂ ਨੂੰ ਵੱਖ-ਵੱਖ ਸੰਸਥਾਵਾਂ ਦੇ ਖੋਜਕਰਤਾਵਾਂ, ਮਾਹਿਰਾਂ ਅਤੇ ਸਿਹਤ ਸੰਭਾਲ ਪੇਸ਼ੇਵਰਾਂ ਨਾਲ ਵਿਚਾਰ-ਵਟਾਂਦਰਾ ਕਰਨ ਦਾ ਵਧੀਆ ਮੰਚ ਪ੍ਰਦਾਨ ਕੀਤਾ। ਇਸ ਦੌਰੇ ਨਾਲ ਨਾ ਕੇਵਲ ਵਿਦਿਆਰਥੀਆਂ ਦੇ ਕਲੀਨਿਕਲ ਗਿਆਨ ਅਤੇ ਖੋਜ ਕਲਾ ਵਿੱਚ ਨਿਖਾਰ ਆਇਆ, ਸਗੋਂ ਇਸ ਨਾਲ ਅਕਾਲ ਯੂਨੀਵਰਸਿਟੀ ਦੀ ਅਕਾਦਮਿਕ ਰੁਤਬੇ ਨੂੰ ਵੀ ਹੋਰ ਮਜ਼ਬੂਤੀ ਮਿਲੀ।

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
International Newspaper & WEB TV
+447458381111 +447976210161 +919729091243

ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ

ਅਧਿਆਪਕ ਅਤੇ ਫੀਲਡ ਸਟਾਫ਼ ਸਨਮਾਨਿਤ



ਤਲਵੰਡੀ ਸਾਬੋ, 2 ਨਵੰਬਰ (ਗੁਰਜੰਟ ਸਿੰਘ ਨਥੇਹਾ)-ਲੋਕਾਈ ਤੱਕ ਗਿਆਨ ਦੇ ਪਸਾਰ ਲਈ ਯਤਨਸ਼ੀਲ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਮਿਹਨਤੀ ਲਗਨਸ਼ੀਲ ਅਤੇ ਚੰਗੀ ਕਾਰਗੁਜ਼ਾਰੀ ਦਿਖਾਉਣ ਵਾਲੇ ਅਧਿਆਪਕਾਂ ਅਤੇ ਫੀਲਡ ਸਟਾਫ਼ ਦੇ ਸਨਮਾਨ ਲਈ ਵਿਸ਼ੇਸ਼ ਸਮਾਰੋਹ ਦਾ ਆਯੋਜਨ ਕੀਤਾ ਗਿਆ।ਸਮਾਰੋਹ ਵਿੱਚ ਚਾਂਸਲਰ ਗੁਰਲਾਭ ਸਿੰਘ ਸਿੱਧੂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦ ਕਿ ਵਾਈਸ ਚਾਂਸਲਰ ਡਾ. ਬਲਰਾਜ ਸਿੰਘ, ਪਰੋ. ਵਾਈਸ ਡਾ. ਜਗਤਾਰ ਸਿੰਘ ਧੀਮਾਨ, ਡਾ. ਪੀਯੂਸ਼ ਵਰਮਾ, ਕੈਂਪਸ ਡਾਇਰੈਕਟਰ ਡਾ. ਹਰਜਸਪਾਲ ਸਿੰਘ ਸਿੱਧੂ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਇਸ ਸਮਾਰੋਹ ਵਿੱਚ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਦੇ ਡਾਇਰੈਕਟਰ ਡੀਨ, ਅਧਿਕਾਰੀ ਅਤੇ ਅਧਿਆਪਕ ਸ਼ਾਮਿਲ ਹੋਏ।ਮੁੱਖ ਮਹਿਮਾਨ ਚਾਂਸਲਰ ਸਿੱਧੂ ਨੇ ਕਿਹਾ ਕਿ ਕਿਸੇ ਵੀ ਅਦਾਰੇ ਦੀ ਕਾਮਯਾਬੀ ਉੱਥੇ ਦੇ ਸਟਾਫ਼ ਅਤੇ ਪ੍ਰਬੰਧਕਾਂ ਦੀ ਕਰਮ-ਨਿਸ਼ਠਾ ਤੇ ਨਿਰਭਰ ਕਰਦੀ ਹੈ। ਉਹਨਾਂ ਦੱਸਿਆ ਕਿ ਸਮਰਪਿਤ ਸਟਾਫ਼ ਅਤੇ ਫੀਲਡ ਟੀਮਾਂ ਸਦਕਾ ਹੀ ਯੂਨੀਵਰਸਿਟੀ ਵਿੱਚ ਇਸ ਸਾਲ 8000 ਤੋਂ ਵੱਧ ਦਾਖ਼ਲੇ ਹੋਏ ਹਨ। ਜੋ ਕਿ ਭਾਰਤ ਦੇ 22 ਰਾਜਾਂ ਅਤੇ ਇੱਕ ਦਰਜਨ ਤੋਂ ਵੱਧ ਦੇਸ਼ਾਂ ਨਾਲ ਸੰਬੰਧਤ ਹਨ। ਉਹਨਾਂ ਇਹ ਵੀ ਕਿਹਾ ਕਿ ਅਕਾਦਮਿਕ ਅਤੇ ਖੋਜ ਖੇਤਰ ਵਿੱਚ ਵਰਸਿਟੀ ਦੀ ਉੱਤਮਤਾ ਪ੍ਰਤੀ ਵਚਨਬੱਧਤਾ ਸਦਕਾ ਜਨਵਰੀ ਅਤੇ ਅਗਸਤ ਸੈਸ਼ਨ ਵਿੱਚ 150 ਤੋਂ ਵੱਧ ਪੀ.ਐੱਚ.ਡੀ. ਖੋਜਾਰਥੀਆਂ ਨੇ ਦਾਖ਼ਲੇ ਲਏ ਹਨ। ਉਨ੍ਹਾਂ ਸ਼ਾਨਦਾਰ ਕਾਰਗੁਜ਼ਾਰੀ ਦਿਖਾਉਣ ਵਾਲੇ 110 ਅਧਿਆਪਕਾਂ ਅਤੇ ਸਟਾਫ਼ ਨੂੰ ਟਰਾਫ਼ੀਆਂ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਅਤੇ ਮਾਲੀ ਇਨਾਮਾਂ ਨਾਲ ਵੀ ਉਤਸਾਹਿਤ ਕੀਤਾ।ਵਾਈਸ ਚਾਂਸਲਰ ਡਾ. ਸਿੰਘ ਨੇ ਸਨਮਾਨਿਤ ਸ਼ਖਸੀਅਤਾਂ ਦੇ ਉੱਦਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਸਮਰਪਿਤ ਭਾਵਨਾ ਨਾਲ ਕਾਰਜਸ਼ੀਲ ਅਧਿਆਪਕਾਂ ਨਾਲ ਯੂਨੀਵਰਸਿਟੀ ਦਾ ਨਾਮ ਉੱਚਾ ਹੋਇਆ ਹੈ। ਉਹਨਾਂ ਡਾ. ਪਰਮਜੀਤ ਸਿੰਘ, ਜਸਵਿੰਦਰ ਸਿੰਘ , ਮੱਖਣ ਸਿੰਘ, ਜਸਵਿੰਦਰ ਬਰਾੜ ਦਾਖ਼ਲਾ ਫੀਲਡ ਟੀਮ ਦੇ ਮੋਹਰੀ ਮੈਂਬਰ ਆਤਮਾ ਸਿੰਘ, ਹਰਪ੍ਰੀਤ ਸਿੰਘ, ਜਗਮੀਤ ਸਿੰਘ ਅਤੇ ਸੁਖਮਿੰਦਰ ਸਿੰਘ ਦਾ ਵਿਸ਼ੇਸ਼ ਸਨਮਾਨ ਵਜੋਂ ਜ਼ਿਕਰ ਕੀਤਾ। ਬਾਅਦ ਵਿੱਚ ਡਾਇਰੈਕਟਰ ਦਾਖ਼ਲੇ ਡਾ. ਗੁਰਪ੍ਰੀਤ ਸਿੰਘ ਨੇ ਆਪਣੇ ਧੰਨਵਾਦੀ ਭਾਸ਼ਣ ਵਿੱਚ ਸਨਮਾਨਿਤ ਸਟਾਫ਼ ਦੀ ਮਿਹਨਤ, ਦ੍ਰਿੜਤਾ ਅਤੇ ਸਮਰਪਣ ਦੀ ਸ਼ਲਾਘਾ ਕੀਤੀ ਤੇ ਭਵਿੱਖ ਵਿੱਚ ਵਰਸਿਟੀ ਦੀ ਸਿੱਖਿਆ ਦਾ ਦਾਇਰਾ ਭਾਰਤ ਦੀ ਸਮੂਹ ਪ੍ਰਦੇਸ਼ਾਂ ਤੇ ਦੁਨੀਆਂ ਦੇ ਹਰ ਦੇਸ਼ਾਂ ਵਿੱਚ ਫੈਲਣ ਦੀ ਆਸ ਪ੍ਰਗਟਾਈ। ਉਹਨਾਂ ਵਰਸਿਟੀ ਪ੍ਰਬੰਧਕਾਂ, ਅਧਿਆਪਕਾਂ ਅਤੇ ਸਟਾਫ਼ ਵੱਲੋਂ ਮਿਲੇ ਸਹਿਯੋਗ ਲਈ ਸਭਨਾਂ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ, ਮਹਿਸਮਪੁਰ ਵਿਖੇ

ਸੋਸ਼ਲ ਮੀਡੀਆ ਦੀ ਸਹੀ ਵਰਤੋਂ ਸਬੰਧੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ



ਚੌਕ ਮਹਿਤਾ,2 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ, ਮੁਖੀ ਦਮਦਮੀ ਟਕਸਾਲ ਦੀ ਸਰਪ੍ਰਸਤੀ ਹੇਠ ਚੱਲ ਰਹੇ ਵਿਦਿਅਕ ਅਦਾਰਿਆਂ ਵਿੱਚੋਂ ਨਵੇਂ ਵਿਦਿਅਕ ਅਦਾਰੇ ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ, ਮਹਿਸਮਪੁਰ ਵਿਖੇ ਵਿਦਿਆਰਥੀਆਂ ਨੂੰ ਸੋਸ਼ਲ ਮੀਡੀਆ ਦੀ ਸਹੀ ਵਰਤੋਂ ਅਤੇ ਇਸ ਦੀ ਗਲਤ ਵਰਤੋਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਦੇ ਉਦੇਸ਼ ਨਾਲ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਵੱਲੋਂ ਨਾਟਕ, ਕਵਿਤਾਵਾਂ ਅਤੇ ਭਾਸ਼ਣਾਂ ਰਾਹੀਂ ਸੋਸ਼ਲ ਮੀਡੀਆ ਦੀ ਗਲਤ ਵਰਤੋਂ ਪ੍ਰਤੀ ਜਾਗਰੂਕਤਾ ਦਾ ਸੰਦੇਸ਼ ਦਿੱਤਾ ਗਿਆ। ਵਿਦਿਆਰਥੀਆਂ ਨੇ ਆਪਣੀਆਂ ਪੇਸ਼ਕਾਰੀਆਂ ਰਾਹੀਂ ਦਰਸਾਇਆ ਕਿ ਸੋਸ਼ਲ ਮੀਡੀਆ ਦੀ ਬੇਲੋੜੀ ਵਰਤੋਂ ਨਾਲ ਬੱਚਿਆਂ ਦੀ ਪੜ੍ਹਾਈ, ਸਮਾਂ, ਸਿਹਤ ਅਤੇ ਮਾਨਸਿਕ ਵਿਕਾਸ ਉੱਤੇ ਮਾੜਾ ਪ੍ਰਭਾਵ ਪੈ ਸਕਦਾ ਹੈ। ਇਸ ਦੇ ਨਾਲ ਹੀ ਵਿਦਿਆਰਥੀਆਂ ਨੂੰ ਆਨਲਾਈਨ ਸੁਰੱਖਿਆ, ਨਿੱਜੀ ਜਾਣਕਾਰੀ ਦੀ ਸੰਭਾਲ ਅਤੇ ਸੋਸ਼ਲ ਮੀਡੀਆ ਦੀ ਜ਼ਿੰਮੇਵਾਰੀ ਨਾਲ ਵਰਤੋਂ ਕਰਨ ਬਾਰੇ ਵੀ ਜਾਣਕਾਰੀ ਦਿੱਤੀ ਗਈ। ਸੈਮੀਨਾਰ ਦੌਰਾਨ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਨੂੰ ਸੋਸ਼ਲ ਮੀਡੀਆ ਦੀ ਵਰਤੋਂ ਸਮੇਂ ਸਾਵਧਾਨ ਰਹਿਣ ਅਤੇ ਆਪਣੇ ਕੀਮਤੀ ਸਮੇਂ ਨੂੰ ਪੜ੍ਹਾਈ, ਖੇਡਾਂ ਅਤੇ ਹੋਰ ਉਸਾਰੂ ਗਤੀਵਿਧੀਆਂ ਵਿੱਚ ਲਗਾਉਣ ਲਈ ਪ੍ਰੇਰਿਤ ਕੀਤਾ ਗਿਆ। ਵਿਦਿਆਰਥੀਆਂ ਨੇ ਵੀ ਇਸ ਸੈਮੀਨਾਰ ਵਿੱਚ ਉਤਸ਼ਾਹ ਨਾਲ ਭਾਗ ਲਿਆ ਅਤੇ ਸੋਸ਼ਲ ਮੀਡੀਆ ਦੀ ਸਹੀ ਵਰਤੋਂ ਕਰਨ ਦਾ ਸੰਕਲਪ ਲਿਆ। ਸਕੂਲ ਪ੍ਰਿੰਸੀਪਲ ਨੇ ਕਿਹਾ ਕਿ ਅਜੋਕੇ ਡਿਜੀਟਲ ਯੁੱਗ ਵਿੱਚ ਸੋਸ਼ਲ ਮੀਡੀਆ ਦੀ ਸਹੀ ਵਰਤੋਂ ਬਾਰੇ ਜਾਣਕਾਰੀ ਹੋਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਸੋਸ਼ਲ ਮੀਡੀਆ ਦੀ ਗਲਤ ਵਰਤੋਂ, ਸਮੇਂ ਦੀ ਬਰਬਾਦੀ ਅਤੇ ਆਨਲਾਈਨ ਖ਼ਤਰਿਆਂ ਤੋਂ ਜਾਣੂ ਕਰਵਾਉਣਾ ਸਮੇਂ ਦੀ ਲੋੜ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਸੋਸ਼ਲ ਮੀਡੀਆ ਦੀ ਵਰਤੋਂ ਸੀਮਤ ਅਤੇ ਸੂਝ-ਬੂਝ ਨਾਲ ਕਰਨ ਅਤੇ ਆਪਣਾ ਧਿਆਨ ਪੜ੍ਹਾਈ, ਸਿਹਤਮੰਦ ਜੀਵਨ-ਸ਼ੈਲੀ ਅਤੇ ਆਪਣੇ ਭਵਿੱਖ ਨੂੰ ਸੰਵਾਰਨ ਵੱਲ ਕੇਂਦਰਿਤ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਹੋਰ ਹਾਜ਼ਰ ਸ਼ਖਸੀਅਤਾਂ ਵਿੱਚ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਹਰਜੋਤ ਸਿੰਘ, ਪ੍ਰਿੰਸੀਪਲ ਗੁਰਦੀਪ ਸਿੰਘ, ਮੈਡਮ ਮਨਦੀਪ ਕੌਰ, ਮੈਡਮ ਸੁਖਵੰਤ ਕੌਰ, ਮੈਡਮ ਕਿਰਨਪ੍ਰੀਤ ਕੌਰ ਸਮੇਤ ਸਮੂਹ ਸਕੂਲ ਸਟਾਫ ਮੌਜੂਦ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

ਜੀ.ਕੇ.ਯੂ. ਦੀ ਡਾ. ਮਨੀਤਾ ਪਨੇਰੀ ਦੇ ਖੋਜ ਪੱਤਰ ਨੂੰ 22ਵੀਂ ਵਿਗਿਆਨਿਕ ਗੋਸ਼ਠੀ ਵਿੱਚ ਪਹਿਲਾ ਸਥਾਨ



ਤਲਵੰਡੀ ਸਾਬੋ, 02 ਨਵੰਬਰ (ਗੁਰਜੰਟ ਸਿੰਘ ਨਥੇਹਾ)-ਰਾਸ਼ਟਰੀ ਅਨੁਸੰਧਾਨ ਰਿਸਰਚ ਫਾਊਂਡੇਸ਼ਨ ਅਤੇ ਫਾਰਮੇਸੀ ਕੌਂਸਿਲ ਆਫ਼ ਇੰਡੀਆ ਵੱਲੋਂ ਕਾਲਜ ਆਫ਼ ਫਾਰਮੇਸੀ, ਮੋਗਾ ਵਿਖੇ ਆਯੋਜਿਤ, 22ਵੀਂ ਅੰਤਰ-ਰਾਸ਼ਟਰੀ ਸਾਈਕਲੋਡੇਕਸਟ੍ਰੀਨ ਗੋਸ਼ਠੀ ਦੀ (ਬਾਇਓਟੈਕਨਾਲੋਜੀ ਅਤੇ ਜੀਵ-ਵਿਗਿਆਨ) ਸ਼ੈਸ਼ਨ

ਆਵਾਜ਼ਿ ਕੌਮ AWAZE QAUM International Newspaper & WEB TV

ਵਿੱਚ ਗੁਰੂ ਕਾਸ਼ੀ ਯੂਨੀਵਰਸਿਟੀ ਦੀ ਸਹਾਇਕ ਪ੍ਰੋਫੈਸ਼ਰ ਡਾ. ਮਨੀਤਾ ਪਨੇਰੀ ਨੇ ਖੋਜ ਪੇਸ਼ਕਾਰੀ ਲਈ ਪਹਿਲਾ ਸਥਾਨ ਹਾਸਿਲ ਕੀਤਾ।ਇਹ ਪੇਸ਼ਕਾਰੀ ਉਕਸਾ ਕਿਸਮ ਦੇ ਬੈਕਟੀਰੀਆ ਦੀ ਜੀਨੋਮਿਕ ਤੇ ਆਧਾਰਿਤ ਸੀ, ਜੋ ਆਈ.ਸੀ.ਯੂ. ਦੇ ਮਰੀਜ਼ਾਂ ਵਿੱਚ ਵੈਂਟੀਲੇਟਰ ਨਾਲ ਜੁੜੇ ਡਰੱਗ ਰੋਧਕ ਬੈਕਟੀਰੀਆ ਤੇ ਕੇਂਦਰਿਤ ਰਹੀ। ਡਾ. ਪਨੇਰੀ ਦਾ ਇਹ ਖੋਜ ਕਾਰਜ ਹਸਪਤਾਲਾਂ ਵਿੱਚ ਡਾਕਟਰਾਂ ਨੂੰ ਬੀਮਾਰੀ ਦੇ ਫੈਲਾਉ ਨੂੰ ਰੋਕਣ ਵਿੱਚ ਮਦਦ ਕਰਦਾ ਹੈ। ਉਨ੍ਹਾਂ ਦੀ ਇਸ ਪ੍ਰਾਪਤੀ ਤੇ ਵਧਾਈ ਦਿੰਦਿਆਂ ਵਾਈਸ ਚਾਂਸਲਰ ਡਾ. ਬਲਰਾਜ ਸਿੰਘ ਨੇ ਕਿਹਾ ਕਿ ਖੋਜਕਾਰ ਦੀ ਇਹ ਪ੍ਰਾਪਤੀ ਮਰੀਜ਼ਾਂ ਦੇ ਬਿਹਤਰ ਇਲਾਜ ਵਿੱਚ ਯੋਗਦਾਨ ਪਾਵੇਗੀ। ਪਰੋ. ਵਾਈਸ ਚਾਂਸਲਰ ਡਾ. ਜਗਤਾਰ ਸਿੰਘ ਧੀਮਾਨ ਨੇ ਆਪਣੇ ਵਧਾਈ ਸੰਦੇਸ਼ ਵਿੱਚ ਕਿਹਾ ਕਿ ਡਾ. ਮਨੀਤਾ ਦੀ ਇਹ ਪ੍ਰਾਪਤੀ ਯੂਨੀਵਰਸਿਟੀ ਦੀ ਖੋਜ ਅਤੇ ਗੁਣਵੱਤਾ ਪ੍ਰਤੀ ਪ੍ਰਤੀਬੱਧਤਾ ਨੂੰ ਦਰਸਾਉਂਦਾ ਹੈ, ਜੋ ਹੁਣ ਕਾਫ਼ੀ ਸ਼ਲਾਘਾਯੋਗ ਬਣ ਚੁੱਕੀ ਹੈ। ਉਹਨਾਂ ਖੋਜਾਰਥੀ ਨੂੰ ਆਪਣੇ ਟੀਚੇ ਹੋਰ ਉੱਚੇ ਕਰਨ ਅਤੇ ਲੋਕਾਈ ਦੇ ਭਲੇ ਲਈ ਕੰਮ ਕਰਨ ਵਾਸਤੇ ਪ੍ਰੇਰਿਤ ਕੀਤਾ। ਡਾ. ਪਨੇਰੀ ਨੇ ਇਸ ਖੋਜ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜੇਕਰ ਪ੍ਰਤੀਰੋਧਕ ਐਂਟੀਮਾਈਕ੍ਰੋਬਾਇਲ ਤੇ ਕਾਬੂ ਨਾ ਪਾਇਆ ਤਾਂ ਇਹ ਇੱਕ ਵੱਡੀ ਬੀਮਾਰੀ ਦਾ ਰੂਪ ਲੈ ਸਕਦੀ ਹੈ।

ਰਾਹੁਲ ਗਾਂਧੀ ਦੀ ਸੰਗਰੂਰ ਰੈਲੀ ਵਿਰੋਧੀਆਂ ਦੀਆਂ ਜੜਾ ਪੱਟ ਕੇ ਰੱਖ ਦੇਵੇਗੀ ਸਰਪੰਚ-ਹਰਦੀਪ ਸਿੰਘ ਦੌਲਤਪੁਰ



ਮਹਿਲ ਕਲਾਂ (ਰਣਜੀਤ ਸਿੰਘ ਪੇਧਨੀ)-ਆਗਾਮੀ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਰਾਹੁਲ ਗਾਂਧੀ ਵੱਲੋਂ 4 ਨਵੰਬਰ ਨੂੰ ਸੰਗਰੂਰ ਵਿਖੇ ਕੀਤੀ ਜਾ ਰਹੀ ਵਿਸ਼ਾਲ ਰੈਲੀ ਪੰਜਾਬ ਦੀ ਰਾਜਨੀਤੀ ਵਿੱਚ ਇੱਕ ਵੱਡਾ ਬਦਲਾਅ ਲਿਆਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਪਾਰਟੀ ਦੀ ਧੂਰੀ ਤੋਂ ਟਿਕਟ ਦੇ ਪ੍ਰਮੁੱਖ ਦਾਅਵੇਦਾਰ ਸਰਪੰਚ ਹਰਦੀਪ ਸਿੰਘ ਦੌਲਤਪੁਰ ਨੇ ਕੀਤਾ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਹਮੇਸ਼ਾ ਤੋਂ ਹੀ ਗਰੀਬਾਂ, ਮਜ਼ਦੂਰਾਂ, ਕਿਸਾਨਾਂ ਅਤੇ ਹਰ ਵਰਗ ਦੇ ਹੱਕਾਂ ਦੀ ਆਵਾਜ਼ ਨੂੰ ਪੂਰੀ ਤਾਕਤ ਨਾਲ ਬੁਲੰਦ ਕਰਦੇ ਆਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਭਰ ਦੇ ਕਾਂਗਰਸੀ ਵਰਕਰਾਂ ਅਤੇ ਖ਼ਾਸ ਕਰਕੇ ਹਰ ਵਰਗ ਦੇ ਲੋਕਾਂ ਵਿੱਚ ਰੈਲੀ ਨੂੰ ਲੈ ਕੇ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਅਹਿਮ ਰੈਲੀ ਨੂੰ ਲੈ ਕੇ ਪੰਜਾਬ ਭਰ ਦੇ ਕਾਂਗਰਸੀ ਵਰਕਰਾਂ, ਖ਼ਾਸ ਕਰਕੇ ਦਲਿਤ ਅਤੇ ਪਛੜੇ ਭਾਈਚਾਰੇ ਦੇ ਲੋਕਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਹਮੇਸ਼ਾ ਤੋਂ ਹੀ ਗਰੀਬਾਂ, ਮਜ਼ਦੂਰਾਂ, ਕਿਸਾਨਾਂ ਅਤੇ ਐੱਸ.ਸੀ. ਵਰਗ ਦੇ ਹੱਕਾਂ ਦੀ ਆਵਾਜ਼ ਨੂੰ ਬੁਲੰਦ ਕਰਦੇ ਆਏ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਉਤਰੇਗੀ ਅਤੇ ਪੰਜਾਬ ਵਿੱਚ ਮੁੜ ਕਾਂਗਰਸ ਦੀ ਸਰਕਾਰ ਬਣਾਉਣ ਲਈ ਵਰਕਰ ਪੂਰੀ ਤਨਦੇਹੀ ਨਾਲ ਕੰਮ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਟਰੱਸਟ ਸਦਾਵਰਤ ਪੰਚਾਇਤੀ ਵੱਲੋਂ 101 ਲੋੜਵੰਦ ਗਰੀਬ, ਵਿਧਵਾਵਾਂ ਨੂੰ ਵੰਡਿਆ ਰਾਸ਼ਨ





ਫ਼ਿਰੋਜ਼ਪੁਰ, 02 ਨਵੰਬਰ (ਮਨੋਹਰ ਲਾਲ) :— ਮਨੁੱਖਤਾ ਦੀ ਸੇਵਾ ਵਿਚ ਹਮੇਸ਼ਾ ਮੋਹਰਲੀ ਕਤਾਰ ਵਿਚ ਰਹਿਣ ਵਾਲੀ ਟਰੱਸਟ ਸਦਾਵਰਤ ਪੰਚਾਇਤੀ ਵੱਲੋਂ 101 ਲੋੜਵੰਦ ਗਰੀਬ, ਵਿਧਵਾਵਾਂ ਨੂੰ ਵੰਡਿਆ ਰਾਸ਼ਨ। ਇਸ ਮੌਕੇ ਟਰੱਸਟ ਸਦਾਵਰਤ ਪੰਚਾਇਤੀ ਦੇ ਪ੍ਰਬੰਧਕ ਸ੍ਰੀ ਅਸ਼ਵਨੀ ਮੌਂਗਾ, ਪੀ.ਸੀ ਕੁਮਾਰ, ਡੀ.ਕੇ ਬਜਾਜ, ਔਮ ਪ੍ਰਕਾਸ਼, ਰਜਨੀਸ਼ ਕਪੂਰ, ਮਦਨ ਲਾਲ ਆਦਿ ਆਗੂ ਹਾਜ਼ਰ ਸਨ। ਇਸ ਮੌਕੇ ਤੇ ਸਭ ਤੋਂ ਪਹਿਲਾਂ ਪ੍ਰਮਾਤਮਾ ਦਾ ਸ਼ੁਕਰਾਨਾ ਕੀਤਾ, ਜਿਨ੍ਹਾਂ ਨੇ ਇਹ ਟਰੱਸਟ ਬਨਾਇਆ ਜੋ ਕਿ 1914 ਵਿਚ ਬਨਾਇਆ ਅਤੇ ਉਸੇ ਤਰ੍ਹਾਂ ਚੱਲ ਰਿਹਾ ਹੈ। ਇਸ ਮੌਕੇ ਤੇ ਸ੍ਰੀ ਅਸ਼ਵਨੀ ਮੌਂਗਾ ਪ੍ਰਧਾਨ ਨੇ ਬੋਲਦਿਆਂ ਕਿਹਾ ਕਿ ਇਹ ਟਰੱਸਟ ਸਦਾਵਰਤ ਪੰਚਾਇਤੀ ਕਿਸੇ ਕੋਲੋਂ ਚੰਦਾ ਉਗਰਾਹੀ ਨਹੀਂ ਲੈਂਦਾ, ਸਿਰਫ ਤੇ ਸਿਰਫ ਆਪਣੇ ਬਲਬੂਤੇ ਤੋਂ ਸਮਾਜ ਦੀ ਸੇਵਾ ਕਰ ਰਿਹਾ ਹੈ। ਇਸ ਮੌਕੇ ਤੇ ਸ੍ਰੀ ਪੀ.ਸੀ ਕੁਮਾਰ ਨੇ ਬੋਲਦਿਆਂ ਕਿਹਾ ਕਿ ਮਨੁੱਖਤਾ ਦੀ ਸੇਵਾ ਇਕ ਸੱਚੀ ਸੁੱਚੀ ਸੇਵਾ ਹੈ, ਸਾਨੂੰ ਇਸ ਨੇਕ ਕੰਮ ਵਿਚ ਆਪਣਾ ਅਹਿਮ ਯੋਗਦਾਨ ਪਾਉਣਾ ਚਾਹੀਦਾ ਹੈ। ਸ੍ਰੀ ਪੀ.ਸੀ ਕੁਮਾਰ ਨੇ ਅੱਗੇ ਕਿਹਾ ਕਿ ਅਸੀਂ ਮਨੁੱਖਤਾ ਦੇ ਨਾਲ—ਨਾਲ ਪਸ਼ੂ, ਜੀਵ—ਜੰਤੂਆਂ, ਪੰਛੀਆਂ ਦੀ ਵੀ ਹਰ ਰੋਜ ਸੇਵਾ ਕਰ ਰਹੇ ਹਾਂ। ਇਸ ਮੌਕੇ ਤੇ ਸ੍ਰੀ ਉਮ ਪ੍ਰਕਾਸ਼ ਨੇ ਬੋਲਦਿਆਂ ਕਿਹਾ ਕਿ ਅਸੀਂ ਕੁਝ ਵੀ ਨਹੀਂ ਇਹ ਸੇਵਾ ਪ੍ਰਮਾਤਮਾ ਸਾਡੇ ਕੋਲੋਂ ਕਰਵਾ ਰਿਹਾ ਹੈ। ਇਸ ਮੌਕੇ ਤੇ ਸ੍ਰੀ ਡੀ.ਕੇ ਬਜਾਜ ਨੇ ਬੋਲਦਿਆਂ ਕਿਹਾ ਕਿ ਅਸੀਂ ਘਰ—ਘਰ ਜਾ ਕੇ ਰਾਸ਼ਨ ਵੀ ਦਿੰਦੇ ਆਉਂਦੇ ਹਾਂ, ਜਿਹੜੀਆਂ ਬੀਬੀਆਂ ਚੰਗੇ ਘਰਾਂ ਦੀਆਂ ਹੁੰਦੀਆਂ ਹਨ ਅਤੇ ਉਨ੍ਹਾਂ ਦਾ ਪਤੀ ਮਰ ਜਾਂਦਾ ਹੈ ਅਤੇ ਉਹ ਸ਼ਰਮ ਮਾਰਦੀਆਂ ਰਾਸ਼ਨ ਨਹੀਂ ਲੈਂਦੀਆਂ ਕਿ ਲੋਕ ਕੀ ਕਹਿਣਗੇ। ਇਸ ਮੌਕੇ ਤੇ ਸ੍ਰੀ ਰਜਨੀਸ਼ ਕਪੂਰ ਨੇ ਬੋਲਦਿਆਂ ਕਿਹਾ ਕਿ ਸਾਨੂੰ ਮਨੁੱਖਤਾ ਦੀ ਸੇਵਾ ਦੇ ਨਾਲ—ਨਾਲ ਉਨ੍ਹਾਂ ਗਰੀਬ ਬੱਚਿਆਂ ਵੱਲ ਵੀ ਵਿਸ਼ੇਸ਼ ਧਿਆਨ ਦੇਣ ਦੀ ਜ਼ਰੂਰਤ ਹੈ, ਜਿਹੜੇ ਘਰ ਦੀ ਗਰੀਬੀ ਕਾਰਨ ਪੜ ਨਹੀਂ ਸਕਦੇ। ਉਨ੍ਹਾਂ ਬੱਚਿਆਂ ਦੀਆਂ ਫੀਸਾਂ, ਕਿਤਾਬਾਂ, ਕਾਪੀਆਂ ਅਤੇ ਉਨ੍ਹਾਂ ਨੂੰ ਵਰਦੀਆਂ ਲੈ ਕੇ ਦੇਣੀਆਂ ਚਾਹੀਦੀਆਂ ਹਨ, ਜੋ ਕਿ ਮੈਂ ਆਪਣੀ ਜੇਬ ਵਿਚੋਂ ਕਾਫੀ ਸਾਲਾਂ ਤੋਂ ਫੀਸਾਂ ਭਰ ਰਿਹਾ ਹਾਂ। ਇਸ ਲਈ ਸਾਨੂੰ ਇਹੋ ਜਿਹੇ ਬੱਚਿਆਂ ਦੀਆਂ ਫੀਸਾਂ, ਕਿਤਾਬਾਂ, ਕਾਪੀਆਂ ਲਈ ਅੱਗੇ ਆਉਣੀ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦੁਆਰਾ ਗੁਰੂ ਨਾਨਕ ਪੁਰੀ ਗੁਰਮਤਿ ਵਿਦਿਆਲਾ ਵਿਖੇ

ਕਰਵਾਏ ਧਾਰਮਿਕ ਸਮਾਗਮ





ਫ਼ਿਰੋਜ਼ਪੁਰ, 02 ਨਵੰਬਰ (ਮਨੋਹਰ ਲਾਲ) :— ਗੁਰਦੁਆਰਾ ਗੁਰੂ ਨਾਨਕ ਪੁਰੀ ਗੁਰਮਤਿ ਵਿਦਿਆਲਾ ਦਮਦਮੀ ਟਕਸਾਲ ਪਿੰਡ ਬੁੱਕਣ ਖਾਂ ਵਿਖੇ ਧੰਨ—ਧੰਨ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ ਦਾ ਪ੍ਰਕਾਸ਼ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ ਜਿਸ ਵਿੱਚ ਸਿੱਖ ਪੰਥ ਦੇ ਮਹਾਨ ਰਾਗੀ ਕਥਾਵਾਚਕ ਜਥਿਆਂ ਨੇ ਗੁਰ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਗਿਆਨੀ ਬਲਬੀਰ ਸਿੰਘ ਯੂ.ਕੇ ਦਮਦਮੀ ਟਕਸਾਲ ਬਾਬਾ ਹਰਭਜਨ ਸਿੰਘ ਕਾਰ ਸੇਵਾ ਜੰਡ ਸਾਹਿਬ ਵਾਲੇ, ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲੇ, ਬਾਬਾ ਸਤਨਾਮ ਸਿੰਘ ਵੱਲੀਆ, ਬਾਬਾ ਜੋਰਾ ਸਿੰਘ ਤਲਵੰਡੀ ਭਾਈ, ਬਾਬਾ ਅਵਤਾਰ ਸਿੰਘ ਸਾਧਾਂ ਵਾਲੇ, ਭਾਈ ਬਲਕਾਰ ਸਿੰਘ ਇਲਮੇਵਾਲਾ, ਭਾਈ ਸੰਤੋਖ ਸਿੰਘ, ਭਾਈ ਪਿੱਪਲ ਸਿੰਘ ਕਲਗੀਧਰ ਅੰਮ੍ਰਿਤ ਸੰਚਾਰ ਜਥਾ ਰਾਗੀ ਸਹਿਜਪਾਲ ਸਿੰਘ ਗੁਰਮਤਿ ਵਿਦਿਆਲਾ ਦਮਦਮੀ ਟਕਸਾਲ ਰੱਤਾ ਖੇੜਾ ਸੰਗਰੂਰ, ਭਾਈ ਸਰਬਜੀਤ ਸਿੰਘ ਯੂ.ਐਸ.ਏ ਬਾਬਾ ਪ੍ਰਤਾਪ ਸਿੰਘ ਬੰਡਾਲਾ, ਰਾਗੀ ਅਜਾਇਬ ਸਿੰਘ ਫਤਿਹਗੜ੍ਹ ਪੰਜਤੂਰ, ਗਿਆਨੀ ਗੁਰਸਰਨ ਸਿੰਘ ਗੁਰਮਤਿ ਵਿਦਿਆਲਾ ਦਮਦਮੀ ਟਕਸਾਲ ਬਲੂਰ ਸਟੇਜ ਦੀ ਸੇਵਾ ਨਿਭਾਈ ਭਾਈ ਅਮਰੀਕ ਸਿੰਘ ਫਿਰੋਜ਼ਪੁਰ, ਜਥੇਦਾਰ ਹਰਜੀਤ ਸਿੰਘ ਮਹਿਮਾ, ਬਾਬਾ ਗੁਰਦੀਪ ਸਿੰਘ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਮਹਾਨ ਸਖਸ਼ੀਅਤਾਂ ਹਾਜ਼ਰ ਸਨ। ਇਨ੍ਹਾਂ ਸਮਾਗਮਾਂ ਦੌਰਾਨ ਭਾਈ ਉਡੀਕ ਸਿੰਘ ਗ੍ਰੰਥੀ ਗੁਰਦੁਆਰਾ ਜਾਮਨੀ ਸਾਹਿਬ, ਭਾਈ ਜਸਮੇਲ ਸਿੰਘ ਗੁਰਮਤਿ ਵਿਦਿਆਲਾ ਹਕੂਮਤ ਸਿੰਘ ਵਾਲਾ ਨੇ ਸੰਗਤਾਂ ਨੂੰ ਗੁਰਬਾਣੀ ਦਾ ਸਰਵਣ ਕਰਨ ਦੀ ਅਪੀਲ ਕੀਤੀ। ਆਖਿਰ ਵਿੱਚ ਗੁਰਦੁਆਰਾ ਗੁਰੂ ਨਾਨਕ ਪੁਰੀ ਗੁਰਮਤਿ ਵਿਦਿਆਲਾ ਦੇ ਮੁੱਖ ਸੇਵਾਦਾਰ ਜਥੇਦਾਰ ਬਾਬਾ ਸੁਖਦੇਵ ਸਿੰਘ ਬੁੱਕਣ ਖਾਂ ਵਾਲਾ ਨੇ ਸਮੂਹ ਆਏ ਹੋਏ ਸੰਤਾਂ ਮਹਾਪੁਰਖਾਂ ਦਾ ਦਿਲ ਦੀਆਂ ਗਹਿਰਾਈਆਂ ਨਾਲ ਧੰਨਵਾਦ ਕੀਤਾ ਜਿਨਾਂ ਨੇ ਸਾਡੇ ਇੱਕ ਸੱਦੇ ਤੇ ਦੂਰ—ਦੂਰ ਤੋਂ ਆ ਕੇ ਗੁਰੂ ਘਰ ਵਿੱਚ ਹਾਜਰੀ ਭਰੀ। ਇਸ ਤੋਂ ਇਲਾਵਾ ਦੂਰੋਂ ਨੇੜਿਓਂ ਆਈਆਂ ਸੰਗਤਾਂ ਨੂੰ ਵੀ ਜੀ ਆਇਆ ਆਖਿਆ। ਇਸ ਮੌਕੇ ਤੇ ਭਾਈ ਗੁਰਦੀਪ ਸਿੰਘ ਬੁੱਕਣ ਖਾਂ ਵਾਲਿਆਂ ਨੇ ਤਨ ਮਨ ਧਨ ਨਾਲ ਸੇਵਾ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਸੀਨੀਅਰ ਸਿਟੀਜ਼ਨ ਕੌਂਸਲ ਵੱਲੋਂ ਖੇਡ ਮੇਲਾ ਤੇ ਜਨਮਦਿਨ ਉਤਸਵ ਧੂਮ-ਧਾਮ ਨਾਲ ਆਯੋਜਿਤ

ਬਜ਼ੁਰਗਾਂ ਨੇ ਖੇਡਾਂ ਅਤੇ ਨਾਚ ਨਾਲ ਬੰਨ੍ਹਿਆ ਸਮਾਂ



ਫ਼ਿਰੋਜ਼ਪੁਰ, 2 ਨਵੰਬਰ (ਮਨੋਹਰ ਲਾਲ) :— ਸੀਨੀਅਰ ਸਿਟੀਜ਼ਨ ਕੌਂਸਲ ਫਿਰੋਜ਼ਪੁਰ ਦੇ ਵਿਹੜੇ ਵਿੱਚ ਅੱਜ ਇੱਕ ਯਾਦਗਾਰੀ ਅਤੇ ਇਤਿਹਾਸਕ ਸੀਨੀਅਰ ਸਿਟੀਜ਼ਨ ਖੇਡ ਮੇਲਾ ਅਤੇ ਜਨਮਦਿਨ ਉਤਸਵ ਬੜੀ ਧੂਮ—ਧਾਮ ਨਾਲ ਕਰਵਾਇਆ ਗਿਆ। ਇਸ ਸਮਾਗਮ ਵਿੱਚ 60 ਸਾਲ ਤੋਂ ਵੱਧ ਉਮਰ ਦੇ ਬਜ਼ੁਰਗਾਂ ਨੇ ਪੂਰੇ ਜੋਸ਼, ਚਾਵਾਂ ਅਤੇ ਮਲਾਰਾਂ ਨਾਲ ਵੱਖ—ਵੱਖ ਖੇਡਾਂ ਵਿੱਚ ਹਿੱਸਾ ਲਿਆ। ਮੇਲੇ ਦਾ ਉਦਘਾਟਨ ਮੁੱਖ ਮਹਿਮਾਨ ਡਾ: ਕਮਲ ਬਾਗੀ (ਐਮ.ਡੀ., ਬਾਗੀ ਹਸਪਤਾਲ) ਅਤੇ ਵਿਸ਼ੇਸ਼ ਮਹਿਮਾਨ ਪ੍ਰਸਿੱਧ ਸਮਾਜ ਸੇਵੀ ਸ੍ਰੀ ਵਿਪੁਲ ਨਾਰੰਗ ਵੱਲੋਂ ਸਾਂਝੇ ਤੌਰ ਤੇ ਰਿਬਨ ਕੱਟ ਕੇ ਕੀਤਾ ਗਿਆ। ਜਾਣਕਾਰੀ ਦਿੰਦਿਆਂ ਕੌਂਸਲ ਦੇ ਪ੍ਰਧਾਨ ਸ੍ਰੀ ਪੀ.ਡੀ. ਸ਼ਰਮਾ ਨੇ ਦੱਸਿਆ ਕਿ ਮੇਲੇ ਵਿੱਚ ਖੇਡਾਂ ਦੀ ਚੋਣ ਵਿਸ਼ੇਸ਼ ਤੌਰ ਤੇ ਇਸ ਗੱਲ ਨੂੰ ਧਿਆਨ ਵਿੱਚ ਰੱਖ ਕੇ ਕੀਤੀ ਗਈ ਸੀ ਤਾਂ ਜੋ ਕਿਸੇ ਵੀ ਬਜ਼ੁਰਗ ਨੂੰ ਸਰੀਰਕ ਸੱਟ—ਫੇਟ ਨਾ ਲੱਗੇ। ਇਸ ਮੌਕੇ ਪੰਜਾ ਲੜਾਉਣਾ (9 ਟੀਮਾਂ), ਤਿੰਨ ਟੰਗੀ ਦੌੜ (11 ਟੀਮਾਂ), ਕੁਰਸੀ ਤੇ ਬੈਠ ਕੇ ਗੁਬਾਰਾ ਫੋੜਨਾ (9 ਟੀਮਾਂ) ਅਤੇ ਪਤਨੀ ਵੱਲੋਂ ਪਤੀ ਨੂੰ ਸਾੜ੍ਹੀ ਬੰਨ੍ਹ ਕੇ ਸਜਾਉਣ (9 ਟੀਮਾਂ) ਦੇ ਮੁਕਾਬਲੇ ਕਰਵਾਏ ਗਏ। ਖ਼ਾਸ ਤੌਰ ਤੇ ਸਾੜ੍ਹੀ ਬੰਨ੍ਹਣ ਦੀ ਖੇਡ ਅਤੇ ਔਰਤਾਂ ਦੀ ਭਰਵੀਂ ਸ਼ਮੂਲੀਅਤ ਦਰਸ਼ਕਾਂ ਲਈ ਵਿਸ਼ੇਸ਼ ਖਿੱਚ ਦਾ ਕੇਂਦਰ ਰਹੀ। ਸਮੁੱਚੀਆਂ ਖੇਡਾਂ ਨੂੰ ਸੁਚਾਰੂ ਅਤੇ ਨਿਯਮਬੱਧ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਰਵਸ੍ਰੀ ਅਵਤਾਰ ਸਿੰਘ, ਪ੍ਰਦੀਪ ਕੁਮਾਰ, ਸ਼ਸ਼ੀ ਚੁੱਘ, ਕਿਰਨ ਸ਼ਰਮਾ ਅਤੇ ਸੁਭਾਸ਼ ਵੱਲੋਂ ਪ੍ਰਬੰਧਕੀ ਸੇਵਾਵਾਂ ਨਿਭਾਈਆਂ ਗਈਆਂ, ਜਦਕਿ ਐਡਵੋਕੇਟ ਸੁਭਾਸ਼ ਕਾਲੀਆ (ਲੀਗਲ ਐਡਵਾਈਜ਼ਰ) ਨੇ ਬਤੌਰ ਵਿਸ਼ੇਸ਼ ਜੱਜ ਨਿਰਪੱਖ ਨਤੀਜੇ ਤਿਆਰ ਕੀਤੇ। ਸਮਾਗਮ ਦੌਰਾਨ ਡੀ.ਸੀ.ਬੀ. ਬੈਂਕ ਦੇ ਮੈਨੇਜਰ ਸ੍ਰੀ ਮਨੀਸ਼ ਸ਼ਰਮਾ ਅਤੇ ਹੋਰ ਅਧਿਕਾਰੀਆਂ ਨੇ ਵੀ ਸ਼ਿਰਕਤ ਕਰਕੇ ਆਪਣਾ ਸਹਿਯੋਗ ਦਿੱਤਾ। ਇਸ ਮੌਕੇ ਸਵਰਨ ਸਿੰਘ ਸੁਹਾਨਾ, ਵਿਨੋਦ ਕੁਮਾਰ ਗਰੋਵਰ, ਮੱਖਣ ਲਾਲ, ਅਵਤਾਰ ਸਿੰਘ, ਪ੍ਰਦੀਪ ਕੁਮਾਰ, ਸੂਰਿਆ ਪ੍ਰਕਾਸ਼, ਦੀਪ ਚੰਦ, ਜੋਗਿੰਦਰ ਸਿੰਘ, ਅੰਮ੍ਰਿਤ ਸੋਡੀ, ਸੁਭਾਸ਼ ਕਾਲੀਆ, ਡਾ: ਐਸ.ਪੀ ਕਟਾਰੀਆ, ਰਾਧੇ ਮੋਹਨ, ਪ੍ਰੇਮ ਕੁਮਾਰ ਰਸੀਆ, ਦਾਸ ਕੁਮਾਰ ਗੁਲਾਟੀ ਅਤੇ ਜਤਿੰਦਰ ਨਿਸ਼ਚਲ ਸਮੇਤ ਬਹੁਤ ਵੱਡੀ ਗਿਣਤੀ ਵਿੱਚ ਕੌਂਸਲ ਮੈਂਬਰ ਤੇ ਸ਼ਹਿਰ ਦੇ ਪਤਵੰਤੇ ਸੱਜਣ ਹਾਜ਼ਰ ਸਨ, ਜਿਨ੍ਹਾਂ ਨੇ ਸਮਾਗਮ ਦੀਆਂ ਰੌਣਕਾਂ ਵਧਾਈਆਂ।

ਖੇਡਾਂ ਤੋਂ ਇਲਾਵਾ ਸਮਾਗਮ ਵਿੱਚ ਸ੍ਰੀ ਪ੍ਰੇਮ ਕੁਮਾਰ ਰਸੀਆ ਅਤੇ ਸ੍ਰੀਮਤੀ ਭਾਗਵੰਤੀ ਦੇਵੀ ਦੀ ਗੋਲਡਨ ਜੁਬਲੀ ਧੂਮ—ਧਾਮ ਨਾਲ ਮਨਾਈ ਗਈ ਅਤੇ ਅਕਤੂਬਰ ਮਹੀਨੇ ਦੌਰਾਨ ਆਉਂਦੇ ਮੈਂਬਰਾਂ ਦੇ ਜਨਮਦਿਨ ਮੌਕੇ ਉਨ੍ਹਾਂ ਨੂੰ ਤੋਹਫ਼ੇ ਦੇ ਕੇ ਸਨਮਾਨਿਤ ਕੀਤਾ ਗਿਆ। ਬਜ਼ੁਰਗ ਮਰਦ ਔਰਤਾਂ ਨੇ ਢੋਲ ਦੀ ਥਾਪ ਤੇ ਖ਼ੂਬ ਭੰਗੜਾ ਪਾ ਕੇ ਖ਼ੁਸ਼ੀ ਦਾ ਇਜ਼ਹਾਰ ਕੀਤਾ। ਮੁੱਖ ਮਹਿਮਾਨ ਡਾ: ਕਮਲ ਬਾਗੀ ਨੇ ਕੌਂਸਲ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਬਜ਼ੁਰਗਾਂ ਦੇ ਚਿਹਰਿਆਂ ਤੇ ਅਜਿਹੀ ਖ਼ੁਸ਼ੀ ਵੇਖਣਾ ਬੇਹੱਦ ਸਕੂਨਦਾਇਕ ਹੈ। ਉਨ੍ਹਾਂ ਕੌਂਸਲ ਨੂੰ 11000 ਰੁਪਏ ਦੀ ਵਿੱਤੀ ਸਹਾਇਤਾ ਦੇਣ ਦਾ ਐਲਾਨ ਕੀਤਾ। ਵਿਸ਼ੇਸ਼ ਮਹਿਮਾਨ ਸ੍ਰੀ ਵਿਪੁਲ ਨਾਰੰਗ ਨੇ ਪ੍ਰਬੰਧਕਾਂ ਦੀ ਮਿਹਨਤ ਦੀ ਪ੍ਰਸ਼ੰਸਾ ਕਰਦਿਆਂ 5100 ਰੁਪਏ ਦਾ ਸਹਿਯੋਗ ਦਿੱਤਾ। ਸਮਾਗਮ ਦੇ ਅੰਤ ਵਿੱਚ ਕੌਂਸਲ ਵੱਲੋਂ ਮੁੱਖ ਮਹਿਮਾਨ ਡਾ: ਬਾਗੀ ਅਤੇ ਸ੍ਰੀ ਵਿਪੁਲ ਨਾਰੰਗ ਨੂੰ ਸਨਮਾਨ ਚਿੰਨ੍ਹ ਭੇਂਟ ਕੀਤੇ ਗਏ ਅਤੇ ਜੇਤੂ ਖਿਡਾਰੀਆਂ ਨੂੰ ਇਨਾਮ ਤਕਸੀਮ ਕੀਤੇ ਗਏ। ਪ੍ਰਧਾਨ ਸ੍ਰੀ ਪੀ.ਡੀ. ਸ਼ਰਮਾ ਨੇ ਆਏ ਹੋਏ ਸਮੂਹ ਮਹਿਮਾਨਾਂ, ਸ਼ਹਿਰ ਵਾਸੀਆਂ, ਪ੍ਰਬੰਧਕਾਂ ਅਤੇ ਮੀਡੀਆ ਸਾਥੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਕੌਂਸਲ ਭਵਿੱਖ ਵਿੱਚ ਵੀ ਅਜਿਹੇ ਸਮਾਗਮ ਕਰਵਾਉਂਦੀ ਰਹੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਪਿੰਡ ਮਾਛੀਵਾੜਾ ਵਿਖੇ ਧੰਨ—ਧੰਨ ਸ੍ਰੀ ਗੁਰੂ ਰਾਮਦਾਸ ਪਾਤਸ਼ਾਹ ਜੀ ਦਾ ਆਗਮਨ ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ



ਫ਼ਿਰੋਜ਼ਪੁਰ, 02 ਨਵੰਬਰ (ਮਨੋਹਰ ਲਾਲ) :— ਜ਼ਿਲ੍ਹੇ ਦੇ ਪਿੰਡ ਮਾਡੀਵਾੜਾ (ਨੇੜੇ ਜੈਸਨ ਪੈਟਰੋਲ ਪੰਪ) ਵਿਖੇ ਧੰਨ—ਧੰਨ ਸ੍ਰੀ ਗੁਰੂ ਰਾਮਦਾਸ ਪਾਤਸ਼ਾਹ ਜੀ ਦਾ ਆਗਮਨ ਪ੍ਰਕਾਸ਼ ਪੁਰਬ ਸਮੂਹ ਸਾਧ ਸੰਗਤ ਦੇ ਸਹਿਯੋਗ ਨਾਲ 31 ਅਕਤੂਬਰ ਤੋਂ 2 ਨਵੰਬਰ ਤੱਕ 3 ਦਿਨਾਂ ਧਾਰਮਿਕ ਸਮਾਗਮ ਬਹੁਤ ਹੀ ਸ਼ਰਧਾ, ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਇਲਾਕੇ ਭਰ ਵਿੱਚ ਧਾਰਮਿਕ ਮਾਹੌਲ ਦੇਖਣ ਨੂੰ ਮਿਲਿਆ ਅਤੇ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰ ਕੇ ਗੁਰੂ ਸਾਹਿਬ ਪ੍ਰਤੀ ਆਪਣੀ ਅਥਾਹ ਸ਼ਰਧਾ ਪ੍ਰਗਟ ਕੀਤੀ। ਇਸ ਤਿੰਨ ਰੋਜ਼ਾ ਸਮਾਗਮ ਦੀ ਸ਼ੁਰੂਆਤ 31 ਅਕਤੂਬਰ 2026 ਨੂੰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਨਾਲ ਹੋਈ, ਇਸ ਉਪਰੰਤ ਰੋਜ਼ਾਨਾ ਵਿਸ਼ੇਸ਼ ਗੁਰਮਤਿ ਸਮਾਗਮ ਅਤੇ ਦੀਵਾਨ ਸਜਾਏ ਗਏ, ਜਿਨ੍ਹਾਂ ਵਿੱਚ ਪੰਥ ਦੇ ਮਹਾਨ ਰਾਗੀ, ਢਾਡੀ, ਪ੍ਰਚਾਰਕ ਅਤੇ ਗੁਰੂ ਜਸ ਗਾਇਨ ਕਰਨ ਵਾਲੇ ਜਥਿਆਂ ਨੇ ਸੰਗਤਾਂ ਨੂੰ ਗੁਰੂ ਕੀ ਬਾਣੀ ਅਤੇ ਸਿੱਖ ਇਤਿਹਾਸ ਨਾਲ ਜੋੜਿਆ। ਸਮਾਗਮ ਦੌਰਾਨ ਭਾਈ ਸੁਖਦੇਵ ਸਿੰਘ ਆਜ਼ਾਦ, ਕਥਾਵਾਚਕ ਭਾਈ ਹਰਪ੍ਰੀਤ ਸਿੰਘ ਵੇਂਡਕਾ (ਅੰਮ੍ਰਿਤਸਰ) ਅਤੇ ਢਾਡੀ ਜਥਾ ਭਾਈ ਮੇਜਰ ਸਿੰਘ ਖਾਲਸਾ (ਸੁਲਤਾਨਪੁਰ ਲੋਧੀ ਵਾਲੇ) ਨੇ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰੀ ਅਤੇ ਸੰਗਤਾਂ ਨੂੰ ਗੁਰੂ ਇਤਿਹਾਸ ਸਰਵਣ ਕਰਵਾਇਆ। ਸਮਾਗਮ ਦੇ ਦੂਜੇ ਦਿਨ ਸਵੇਰੇ ਸੱਚੀ ਪਾਤਸ਼ਾਹ ਮਹਾਨ ਨਾਮਸਿਮਰਨ ਅਭਿਆਸ ਵੀ ਕਰਵਾਇਆ ਗਿਆ। ਮਿਤੀ 2 ਨਵੰਬਰ 2026 ਨੂੰ ਸਵੇਰੇ 8:30 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਜਿਸ ਤੋਂ ਬਾਅਦ ਸਵੇਰੇ 9 ਤੋਂ 11:30 ਵਜੇ ਤੱਕ ਵਿਸ਼ੇਸ਼ ਗੁਰਮਤਿ ਸਮਾਗਮ ਸਜਾਇਆ ਗਿਆ। ਇਸ ਮੌਕੇ ਸਵੇਰੇ 11:30 ਵਜੇ ਅੰਮ੍ਰਿਤ ਸੰਚਾਰ ਵੀ ਕਰਵਾਇਆ ਗਿਆ, ਜਿਸ ਵਿੱਚ ਭਾਈ ਸੁਖਦੇਵ ਸਿੰਘ ਆਜ਼ਾਦ ਅਤੇ ਢਾਡੀ ਜਥਾ ਭਾਈ ਗੁਰਪ੍ਰਤਾਪ ਸਿੰਘ ਪਦਮ ਨੇ ਹਾਜ਼ਰੀ ਭਰੀ। ਸਮਾਪਤੀ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਗਿਆਨੀ ਪ੍ਰੇਮ ਸਿੰਘ (ਹੈਡ ਗ੍ਰੰਥੀ ਅਰਦਾਸੀਏ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ) ਨੇ ਕੀਤੀ, ਜਦੋਂ ਕਿ ਸਟੇਜ ਸੈਕਟਰੀ ਦੀ ਸੇਵਾ ਭਾਈ ਬਲਵਿੰਦਰ ਸਿੰਘ ਖਾਲਸਾ (ਸਿੱਖ ਪ੍ਰਚਾਰਕ) ਨੇ ਬਾਖ਼ੂਬੀ ਨਿਭਾਈ। ਸਮਾਗਮ ਦੌਰਾਨ ਤਿੰਨੇ ਦਿਨ ਗੁਰੂ ਕਾ ਲੰਗਰ ਅਤੁੱਟ ਵਰਤਿਆ। ਪ੍ਰਬੰਧਕ ਕਮੇਟੀ ਵੱਲੋਂ ਇਲਾਕੇ ਦੀ ਸਮੂਹ ਸਾਧ ਸੰਗਤ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ ਜਿਨ੍ਹਾਂ ਨੇ ਇਸ ਪਵਿੱਤਰ ਸਮਾਗਮ ਵਿੱਚ ਪਹੁੰਚ ਕੇ ਗੁਰੂ ਸਾਹਿਬ ਜੀ ਦੀਆਂ ਖ਼ੁਸ਼ੀਆਂ ਅਤੇ ਆਸ਼ੀਸ਼ਾਂ ਪ੍ਰਾਪਤ ਕੀਤੀਆਂ। ਇਸ ਮੌਕੇ ਤੇ ਜਥੇਦਾਰ ਬਾਬਾ ਬਲਕਾਰ ਸਿੰਘ ਇਲਮੇਵਾਲਾ, ਸੰਤ ਬਾਬਾ ਪਿਆਰਾ ਸਿੰਘ, ਬਾਬਾ ਸਤਨਾਮ ਸਿੰਘ ਵੱਲੀਆ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਸੰਤ ਮਹਾਂਪੁਰਸ਼ਾਂ ਨੇ ਹਾਜ਼ਰੀ ਭਰੀ। ਆਖਿਰ ਵਿੱਚ ਪਿੰਡ ਮਾਛੀਵਾੜਾ ਪ੍ਰਬੰਧਕ ਕਮੇਟੀ ਨੇ ਆਏ ਹੋਏ ਸੰਤਾਂ ਮਹਾਂਪੁਰਖਾਂ ਅਤੇ ਦੂਰ ਨੇੜਿਓਂ ਆਈ ਸੰਗਤ ਦਾ ਦਿਲ ਦੀਆਂ ਗਹਿਰਾਈਆਂ ਨਾਲ ਧੰਨਵਾਦ ਕੀਤਾ ਅਤੇ ਇਸ ਮੌਕੇ ਤੇ ਉਹਨਾਂ ਸੰਤਾਂ ਮਹਾਂਪੁਰਖਾਂ ਨੂੰ ਸਨਮਾਨਿਤ ਵੀ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਭਾਈ ਪਰਗਟ ਸਿੰਘ ਬੱਬਰ ਦੇ ਪਿਤਾ ਸ. ਬਲਵਿੰਦਰ ਸਿੰਘ ਦਾ ਅਕਾਲ ਚਲਾਣਾ, ਬੱਬਰ ਖ਼ਾਲਸਾ ਜਰਮਨੀ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ

ਆਖ਼ਰੀ ਸਾਹਾਂ ਤੱਕ ਰਹੀ ਜਲਾਵਤਨ ਪੁੱਤਰ ਨੂੰ ਮਿਲਣ ਦੀ ਤਾਂਘ, 7 ਨਵੰਬਰ ਨੂੰ ਕਰਨਾਲ ਵਿਖੇ ਹੋਵੇਗੀ ਅੰਤਿਮ ਅਰਦਾਸ



ਜਰਮਨੀ, 2 ਨਵੰਬਰ (ਸਰਬਜੀਤ ਸਿੰਘ ਬਨੂੜ)-ਜਰਮਨੀ ਵਿੱਚ ਜਲਾਵਤਨੀ ਦਾ ਜੀਵਨ ਬਤੀਤ ਕਰ ਰਹੇ ਭਾਈ ਪਰਗਟ ਸਿੰਘ ਬੱਬਰ ਦੇ ਪਿਤਾ ਸ. ਬਲਵਿੰਦਰ ਸਿੰਘ 28 ਅਕਤੂਬਰ 2026, ਦਿਨ ਬੁੱਧਵਾਰ ਨੂੰ ਅਕਾਲ ਚਲਾਣਾ ਕਰ ਗਏ। ਉਨ੍ਹਾਂ ਦੇ ਵਿਛੋੜੇ 'ਤੇ ਬੱਬਰ ਖ਼ਾਲਸਾ ਜਰਮਨੀ ਦੇ ਸਿੰਘਾਂ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪਰਿਵਾਰ ਨਾਲ ਹਮਦਰਦੀ ਪ੍ਰਗਟਾਈ ਹੈ। ਜਥੇਬੰਦੀ ਦੇ ਆਗੂਆਂ ਅਨੁਸਾਰ ਭਾਈ ਪਰਗਟ ਸਿੰਘ ਉੱਪਰ ਪੁਲਸ ਵੱਲੋਂ ਕੀਤੇ ਗਏ ਕਥਿਤ ਅਣਮਨੁੱਖੀ ਤਸ਼ੱਦਦ, ਜਿਸ ਕਾਰਨ ਉਹ ਚੱਲਣ-ਫਿਰਨ ਤੋਂ ਵੀ ਅਸਮਰੱਥ ਹੋ ਗਏ ਸਨ, ਦਾ ਸ. ਬਲਵਿੰਦਰ ਸਿੰਘ ਦੇ ਮਨ 'ਤੇ ਡੂੰਘਾ ਅਸਰ ਪਿਆ ਸੀ। ਪੁੱਤਰ ਦੇ ਜਲਾਵਤਨ ਹੋਣ ਮਗਰੋਂ ਉਨ੍ਹਾਂ ਨੂੰ ਖ਼ੁਦ ਵੀ ਪੁਲਸ ਦੇ ਕਥਿਤ ਤਸ਼ੱਦਦ ਅਤੇ ਧੱਕੇਸ਼ਾਹੀ ਦਾ ਸਾਹਮਣਾ ਕਰਨਾ ਪਿਆ। ਪਿਛਲੇ ਕੁਝ ਸਮੇਂ ਤੋਂ ਬਿਮਾਰ ਚੱਲ ਰਹੇ ਸ. ਬਲਵਿੰਦਰ ਸਿੰਘ ਦੀ ਆਖ਼ਰੀ ਦਿਨਾਂ ਵਿੱਚ ਯਾਦਦਾਸ਼ਤ ਵੀ ਚਲੀ ਗਈ ਸੀ, ਪਰ ਪੁੱਤਰ ਨੂੰ ਮਿਲਣ ਦੀ ਤਾਂਘ ਕਾਇਮ ਰਹੀ। ਪਰਿਵਾਰ ਅਨੁਸਾਰ ਜਦੋਂ ਉਨ੍ਹਾਂ ਦੀ ਧੀ ਨੇ ਦੱਸਿਆ ਕਿ ਪਰਗਟ ਸਿੰਘ ਨਹੀਂ ਆ ਸਕਦਾ ਤਾਂ ਉਸੇ ਸਮੇਂ ਉਨ੍ਹਾਂ ਨੇ ਆਖ਼ਰੀ ਸਾਹ ਲਏ। ਜਲਾਵਤਨੀ ਕਾਰਨ ਪਿਤਾ ਦੇ ਅੰਤਿਮ ਦਰਸ਼ਨ ਨਾ ਕਰ ਸਕਣ ਦਾ ਦੁੱਖ ਵੀ ਭਾਈ ਪਰਗਟ ਸਿੰਘ ਦੇ ਹਿੱਸੇ ਆਇਆ। ਸ. ਬਲਵਿੰਦਰ ਸਿੰਘ ਦੀ ਅੰਤਿਮ ਅਰਦਾਸ 7 ਨਵੰਬਰ 2026, ਦਿਨ ਸ਼ਨੀਵਾਰ ਨੂੰ ਦੁਪਹਿਰ 12 ਵਜੇ ਗੁਰਦੁਆਰਾ ਭਾਈ ਤ੍ਰਿਪਤਾ ਜੀ, ਜੋਤੀ ਨਗਰ, ਕਰਨਾਲ-ਕੈਥਲ ਰੋਡ ਵਿਖੇ ਹੋਵੇਗੀ। ਬੱਬਰ ਖ਼ਾਲਸਾ ਜਰਮਨੀ ਦੇ ਜਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਸਤਨਾਮ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ, ਭਾਈ ਰਾਜਿੰਦਰ ਸਿੰਘ ਬੱਬਰ, ਭਾਈ ਹਰਜੋਤ ਸਿੰਘ ਬੱਬਰ, ਭਾਈ ਦਲਜੀਤ ਸਿੰਘ ਕਸ਼ਮੀਰ ਬੱਬਰ ਅਤੇ ਭਾਈ ਬਲਜਿੰਦਰ ਸਿੰਘ ਬੱਬਰ ਨੇ ਇਲਾਕੇ ਦੀਆਂ ਸੰਗਤਾਂ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਦੀ ਅਪੀਲ ਕਰਦਿਆਂ ਵਾਹਿਗੁਰੂ ਅੱਗੇ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ ਦੀ ਅਰਦਾਸ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

42 ਸਾਲ ਬਾਅਦ ਵੀ ਇਨਸਾਫ਼ ਦੀ ਉਡੀਕ

ਕੁਲਦੀਪ ਸਿੰਘ ਭੋਗਲ ਨੇ ਦਿੱਲੀ ਪੁਲਿਸ ਦੀ ਕਾਰਵਾਈ 'ਤੇ ਚੁੱਕੇ ਸਵਾਲ



ਨਵੀਂ ਦਿੱਲੀ, 2 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):– 1984 ਦੇ ਸਿੱਖ ਕਤਲੇਆਮ ਦੇ ਪੀੜਤਾਂ ਨੂੰ ਇਨਸਾਫ਼ ਦਿਵਾਉਣ ਲਈ ਪਿਛਲੇ 42 ਸਾਲਾਂ ਤੋਂ ਸੰਘਰਸ਼ ਕਰ ਰਹੇ ਅਖਿਲ ਭਾਰਤੀ ਦੰਗਾ ਪੀੜਤ ਰਾਹਤ ਕਮੇਟੀ ਦੇ ਕੌਮੀ ਪ੍ਰਧਾਨ ਜਥੇਦਾਰ ਕੁਲਦੀਪ ਸਿੰਘ ਭੋਗਲ ਨੇ ਦਿੱਲੀ ਪੁਲਿਸ ਵੱਲੋਂ ਸ਼ਰਧਾਂਜਲੀ ਸਮਾਗਮ ਅਤੇ ਪ੍ਰਧਾਨ ਮੰਤਰੀ ਨੂੰ ਮੰਗ ਪੱਤਰ ਦੇਣ ਦੀ ਇਜਾਜ਼ਤ ਨਾ ਦੇਣ 'ਤੇ ਸਖ਼ਤ ਇਤਰਾਜ਼ ਜਤਾਇਆ ਹੈ। ਉਨ੍ਹਾਂ ਸਵਾਲ ਕੀਤਾ ਕਿ ਜੇ ਹੋਰ ਸੰਗਠਨਾਂ ਨੂੰ ਆਪਣੀ ਗੱਲ ਰੱਖਣ ਅਤੇ ਮੰਗ ਪੱਤਰ ਦੇਣ ਦੀ ਇਜਾਜ਼ਤ ਦਿੱਤੀ ਜਾ ਸਕਦੀ ਹੈ ਤਾਂ 1984 ਦੇ ਪੀੜਤਾਂ ਦੀ ਆਵਾਜ਼ ਨੂੰ ਰੋਕਣ ਦੀ ਲੋੜ ਕਿਉਂ ਪਈ ? ਉਨ੍ਹਾਂ ਕਿਹਾ ਕਿ ਇਨਸਾਫ਼ ਦੀ ਇਹ ਲੜਾਈ ਕਿਸੇ ਸਿਆਸੀ ਮਕਸਦ ਲਈ ਨਹੀਂ, ਸਗੋਂ ਉਨ੍ਹਾਂ ਪਰਿਵਾਰਾਂ ਦੇ ਹੱਕਾਂ ਲਈ ਹੈ ਜਿਨ੍ਹਾਂ ਨੇ ਆਪਣੇ ਪਰਿਵਾਰਕ ਮੈਂਬਰ ਗੁਆਏ ਹਨ।ਜਥੇਦਾਰ ਭੋਗਲ ਨੇ ਦਿੱਲੀ ਦੇ ਕੇਂਦਰੀ ਇਲਾਕੇ ਵਿੱਚ 1984 ਦੇ ਕਤਲੇਆਮ ਵਿੱਚ ਮਾਰੇ ਗਏ ਨਿਰਦੋਸ਼ ਸਿੱਖਾਂ ਦੀ ਯਾਦ ਵਿੱਚ ਇੱਕ ਵਿਸ਼ਾਲ ਸਮਾਰਕ ਅਤੇ ਮਿਊਜ਼ੀਅਮ ਬਣਾਉਣ ਦੀ ਮੰਗ ਵੀ ਦੁਹਰਾਈ। ਉਨ੍ਹਾਂ ਕਿਹਾ ਕਿ ਇਹ ਮਿਊਜ਼ੀਅਮ ਆਉਣ ਵਾਲੀਆਂ ਪੀੜ੍ਹੀਆਂ ਨੂੰ ਉਸ ਦੌਰ ਦੀ ਤ੍ਰਾਸਦੀ ਅਤੇ ਇਤਿਹਾਸ ਤੋਂ ਜਾਣੂ ਕਰਵਾਉਣ ਦੇ ਨਾਲ ਅਜਿਹੀਆਂ ਘਟਨਾਵਾਂ ਮੁੜ ਨਾ ਵਾਪਰਨ ਦਾ ਸੰਦੇਸ਼ ਦੇਵੇਗਾ। ਉਨ੍ਹਾਂ ਦੋ-ਟੂਕ ਕਿਹਾ ਕਿ 1984 ਦੇ ਪੀੜਤਾਂ ਨੂੰ ਇਨਸਾਫ਼ ਮਿਲਣ ਤੱਕ ਉਨ੍ਹਾਂ ਦਾ ਸੰਘਰਸ਼ ਜਾਰੀ ਰਹੇਗਾ ਅਤੇ ਉਹ ਆਖਰੀ ਸਾਹ ਤੱਕ ਇਨਸਾਫ਼ ਦੀ ਲੜਾਈ ਲੜਦੇ ਰਹਿਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਜਨ ਗਨਣਾ 2027 ਦੇ ਦੂਜੇ ਪੜਾਅ ਤਹਿਤ 16 ਨਵੰਬਰ ਤੋਂ ਸ਼ੁਰੂ ਹੋਵੇਗੀ ਸਵੈ ਗਨਣਾ

ਨਾਗਰਿਕ 16 ਨਵੰਬਰ ਤੋਂ 30 ਨਵੰਬਰ 2026 ਤੱਕ ਖੁਦ ਆਨਲਾਈਨ ਭਰ ਸਕਣਗੇ ਆਪਣੇ ਪਰਿਵਾਰਿਕ ਮੈਂਬਰਾਂ ਦੇ ਵੇਰਵੇ





ਬਠਿੰਡਾ, 2 ਨਵੰਬਰ (ਗੁਰਜੰਟ ਸਿੰਘ ਨਥੇਹਾ)- ਭਾਰਤ ਸਰਕਾਰ ਵੱਲੋਂ ਮਰਦਮ ਸ਼ੁਮਾਰੀ 2027 ਦੇ ਦੂਜੇ ਪੜਾ ਤਹਿਤ ਸਵੈ ਗਣਨਾ ਦੀ ਪ੍ਰਕਿਰਿਆ 16 ਨਵੰਬਰ ਤੋਂ 30 ਨਵੰਬਰ 2026 ਤੱਕ ਚਲਾਈ ਜਾਵੇਗੀ ਇਸ ਤੋਂ ਬਾਅਦ 1 ਦਸੰਬਰ 2026 ਤੋਂ 4 ਜਨਵਰੀ 2027 ਤੱਕ ਜਨਗਣਨਾ ਦਾ ਕੰਮ ਪੂਰਾ ਕੀਤਾ ਜਾਵੇਗਾ ਇਸ ਸਬੰਧੀ ਜਾਣਕਾਰੀ ਦੇਣ ਅਤੇ ਮਰਦਮ ਸ਼ੁਮਾਰੀ ਦੇ ਕੰਮ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜਨ ਲਈ ਨਗਰ ਕੌਂਸਲ ਸੰਗਤ ਮੰਡੀ (ਜਿਲਾ ਬਠਿੰਡਾ) ਦੇ ਖੇਤਰ ਵਿੱਚ ਵਿਸ਼ੇਸ਼ ਤੌਰ 'ਤੇ ਸਵੈ ਗਨਣਾ ਜਾਗਰੂਕਤਾ ਪ੍ਰੋਗਰਾਮ ਕਰਵਾਏ ਜਾ ਰਹੇ ਹਨ ਇਸ ਮੌਕੇ ਸ੍ਰੀ ਰਾਜੇਸ਼ ਧੀਮਾਨ ਪ੍ਰਿੰਸੀਪਲ ਸੈਂਸਸ ਅਫਸਰ-ਕਮ-ਡਿਪਟੀ ਕਮਿਸ਼ਨਰ ਬਠਿੰਡਾ ਨੇ ਖੇਤਰ ਵਿੱਚ ਵੱਖ-ਵੱਖ ਟੀਮਾਂ ਬਣਾ ਕੇ ਜਾਗਰੂਕਤਾ ਪ੍ਰੋਗਰਾਮ ਕਰਵਾਉਣ ਲਈ ਜਾਗਰੂਕਤਾ ਟੀਮਾਂ ਭੇਜੀਆਂ ਜਾ ਰਹੀਆਂ ਹਨ। ਸ੍ਰੀ ਰਾਜੇਸ਼ ਧੀਮਾਨ ਨੇ ਅੱਗੇ ਦੱਸਿਆ ਕਿ ਮਰਦਮ ਸ਼ੁਮਾਰੀ ਇੱਕ ਮਹੱਤਵਪੂਰਨ ਕੌਮੀ ਕਾਰਜ ਹੈ, ਜਿਸ ਨੂੰ ਸਫਲਤਾ ਪੂਰਵਕ ਨੇਪਰੇ ਚਾੜਨ ਲਈ ਸਾਰੇ ਵਿਭਾਗਾਂ ਅਤੇ ਆਮ ਲੋਕਾਂ ਦਾ ਸਹਿਯੋਗ ਬਹੁਤ ਜਰੂਰੀ ਹੈ।ਇਸੇ ਤਹਿਤ ਜਨ-ਗਨਨਾ ਜਾਗਰੂਕਤਾ ਦੀ ਟੀਮ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੰਗਤਾਂ ਮੰਡੀ, ਸੈਕੜ ਹਾਰਟ ਕਾਨਵੈਂਟਸ ਸੰਗਤ ਮੰਡੀ ਅਤੇ ਗਿਆਨ ਜੋਤੀ ਗਰਲਜ ਕਾਲਜ ਸੰਗਤ ਮੰਡੀ ਵਿਖੇ ਜਨ ਗਨਣਾ ਜਾਗਰੂਕਤਾ ਪ੍ਰੋਗਰਾਮ ਕਰਵਾਏ ਗਏ। ਜਾਗਰੂਕਤਾ ਟੀਮ ਦੇ ਮੈਂਬਰ ਸ੍ਰੀ ਮੋਤੀ ਰਾਮ ਅਤੇ ਸ੍ਰੀ ਮੁਕੇਸ਼ ਕੁਮਾਰ ਵੱਲੋਂ ਸੰਗਤ ਮੰਡੀ ਦੀਆਂ ਵੱਖ-ਵੱਖ ਵਿਦਿਅਕ ਸੰਸਥਾਵਾਂ ਵਿੱਚ ਜਾ ਕੇ ਜਨ ਗਨਣਾ 2027 ਸਬੰਧੀ ਜਾਣਕਾਰੀ ਦਿੱਤੀ ਜਾ ਰਹੀ ਹੈ। ਇਸ ਟੀਮ ਦੇ ਮੁਖੀ ਸ੍ਰੀ ਮੋਤੀ ਰਾਮ ਨੇ ਦੱਸਿਆ ਕਿ ਸਵੈ ਗਨਣਾ ਤਹਿਤ ਨਾਗਰਿਕ 16 ਨਵੰਬਰ ਤੋਂ 30 ਨਵੰਬਰ 2026 ਤੱਕ ਆਪਣੇ ਪਰਿਵਾਰਾਂ ਸਬੰਧੀ ਵੇਰਵੇ ਖੁਦ ਆਪਣੇ ਮੋਬਾਈਲਾਂ ਰਾਹੀਂ secensus. gov. in ਤੇ ਜਾ ਕੇ ਆਪਣੇ ਪਰਿਵਾਰ ਦੇ ਹਰ ਮੈਂਬਰ ਦੀ ਜਾਣਕਾਰੀ ਖੁਦ ਹੀ ਭਰ ਸਕਦੇ ਹਨ। ਇਸ ਲਈ ਜਿਲਾ ਸੈਂਸਸ ਸੈੱਲ ਬਠਿੰਡਾ ਦੇ ਇੰਚਾਰਜ ਸ੍ਰੀ ਹਰਵਿੰਦਰ ਸਿੰਘ ਨੇ ਕਿਹਾ ਕਿ ਕਿ ਭਾਰਤ ਸਰਕਾਰ ਵੱਲੋਂ ਕਰਵਾਈ ਜਾ ਰਹੀ ਮਰਦਮ ਸ਼ੁਮਾਰੀ ਦੇਸ਼ ਦੇ ਵਿਕਾਸ ਅਤੇ ਭਵਿੱਖ ਦੀਆਂ ਯੋਜਨਾਵਾਂ ਲਈ ਅਹਿਮ ਆਧਾਰ ਹੈ। ਇਸ ਕਾਰਜ ਨੂੰ ਸਹੀ ਅਤੇ ਸਮੇਂ ਸਿਰ ਪੂਰਾ ਕਰਨ ਲਈ ਹਰ ਪੱਧਰ 'ਤੇ ਸਹਿਯੋਗ ਦੇਣਾ ਹਰ ਨਾਗਰਿਕ ਦਾ ਮੁਢਲਾ ਕਰਤਵ ਹੈ। ਸੰਗਤ ਮੰਡੀ ਦੀਆਂ ਤਿੰਨੋ ਹੀ ਵਿਦਿਅਕ ਸੰਸਥਾਵਾਂ ਦੇ ਮੁਖੀਆਂ ਨੇ ਪ੍ਰਿੰਸੀਪਲ ਸੈਂਸਸ ਅਫਸਰ ਕੰਮ ਡਿਪਟੀ ਕਮਿਸ਼ਨਰ ਬਠਿੰਡਾ ਸ੍ਰੀ ਰਾਜੇਸ਼ ਧੀਮਾਨ, ਜ਼ਿਲਾ ਸੈਂਸਸ ਸੈੱਲ ਬਠਿੰਡਾ ਦੇ ਇੰਚਾਰਜ ਸ੍ਰੀ ਹਰਵਿੰਦਰ ਸਿੰਘ, ਜਿਲੇ ਦੇ ਮਾਸਟਰ ਟਰੇਨਰ ਸ੍ਰੀ ਮੁਕੇਸ਼ ਬਾਂਸਲ ਅਤੇ ਜ਼ਿਲ੍ਹਾ ਲੋਕ ਸੰਪਰਕ ਅਫਸਰ ਸ੍ਰੀਮਤੀ ਮੇਘਾ ਮੈਡਮ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਜਿਨਾਂ ਦੀ ਰਹਿਨੁਮਾਈ ਹੇਠ ਇਹ ਟੀਮ ਸੰਗਤ ਮੰਡੀ ਦੀਆਂ ਵੱਖ-ਵੱਖ ਸੰਸਥਾਵਾਂ ਵਿੱਚ ਜਾ ਕੇ ਜਨ ਗਨਣਾ 2027 ਸਬੰਧੀ ਜਾਗਰੂਕਤਾ ਪ੍ਰੋਗਰਾਮ ਕਰ ਰਹੀ ਹੈ। ਇਸ ਮੌਕੇ ਜਾਗਰੂਕਤਾ ਟੀਮ ਦੇ ਮੈਂਬਰ ਸ੍ਰੀ ਮੁਕੇਸ਼ ਕੁਮਾਰ ਨੇ ਦੱਸਿਆ ਕਿ ਸੰਗਤ ਮੰਡੀ ਦੀਆਂ ਵੱਖ-ਵੱਖ ਸੰਸਥਾਵਾਂ, ਪੂਰਨ ਸਹਿਯੋਗ ਦੇ ਰਹੀਆਂ ਹਨ ਅਤੇ ਉਨਾਂ ਦੇ ਵਿਦਿਆਰਥੀਆਂ ਦੁਆਰਾ ਜਾਗਰੂਕਤਾ ਟੀਮ ਨੂੰ ਵੱਖ-ਵੱਖ ਤਰਹਾਂ ਦੇ ਸਵਾਲ ਪੁੱਛ ਕੇ ਜਨ ਗੁਣਾ 2027 ਵਿੱਚ ਬਹੁਤ ਹੀ ਰੁਚੀ ਵਿਖਾਈ ਜਾ ਰਹੀ ਹੈ। ਸਮੁੱਚੀ ਟੀਮ ਵੱਲੋਂ ਖਾਸ ਤੌਰ 'ਤੇ ਸਵੈ ਗਣਨਾ ਉੱਪਰ ਖਾਸ ਤੌਰ 'ਤੇ ਜ਼ੋਰ ਦਿੱਤਾ ਜਾ ਰਿਹਾ ਹੈ। ਜਾਗਰੂਕਤਾ ਟੀਮ ਵੱਲੋਂ ਕਰਵਾਏ ਜਾ ਰਹੇ ਜਾਗਰੂਕਤਾ ਪ੍ਰੋਗਰਾਮ ਵਿੱਚ ਵੱਖ-ਵੱਖ ਸੰਸਥਾਵਾਂ ਦੇ ਮੁਖੀ ਅਤੇ ਉਨਾਂ ਸੰਸਥਾਵਾਂ ਦੇ ਅਧਿਆਪਕਾਂ ਨੇ ਵਿਸ਼ੇਸ਼ ਸਹਿਯੋਗ ਦਿੱਤਾ।

ਮਰਦਮ ਸ਼ੁਮਾਰੀ 2027 ਸਬੰਧੀ ਨਗਰ ਕੌਂਸਲ ਸੰਗਤ ਮੰਡੀ ਦੇ ਖੇਤਰ ਵਿੱਚ ਕਰਵਾਏ ਜਾ ਰਹੇ ਹਨ ਜਨ ਗਨਣਾ ਜਾਗਰੂਕਤਾ ਤਹਿਤ ਵਿਸ਼ੇਸ਼ ਪ੍ਰੋਗਰਾਮ



ਆਵਾਜ਼ਿ ਕੌਮ AWAZE QAUM International Newspaper & WEB TV

4 ਨਵੰਬਰ ਦੀ ਜਗਰਾਉਂ ਰੈਲੀ ਦੀਆਂ ਤਿਆਰੀਆਂ ਮੁਕੰਮਲ ਕਰਨ ਲਈ ਐਸ.ਆਰ. ਕਲੇਰ ਦੀ ਅਗਵਾਈ ਹੇਠ ਯੂਥ ਅਕਾਲੀ ਦਲ ਦੀ ਟੀਮ ਵੱਲੋਂ ਰੈਲੀ ਸਥਾਨ ਦਾ ਜਾਇਜ਼ਾ



ਜਗਰਾਉਂ, (ਵਰਿਆਮ ਹਠੂਰ) - 4 ਨਵੰਬਰ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਯੂਥ ਵਿੰਗ ਵੱਲੋਂ ਸਨੇਹਮੋਹਨ ਹੋਟਲ, ਲੁਧਿਆਣਾ ਰੋਡ, ਜਗਰਾਉਂ ਵਿਖੇ ਕੀਤੀ ਜਾ ਰਹੀ ਵਿਸ਼ਾਲ ਰੈਲੀ ਦੀਆਂ ਤਿਆਰੀਆਂ ਸਬੰਧੀ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਦੇ ਮੈਂਬਰ ਅਤੇ ਹਲਕਾ ਇੰਚਾਰਜ ਐਸ.ਆਰ. ਕਲੇਰ ਸਾਬਕਾ ਵਿਧਾਇਕ ਜਗਰਾਓਂ ਦੀ ਅਗਵਾਈ ਹੇਠ ਹਲਕਾ ਜਗਰਾਉਂ ਦੀ ਯੂਥ ਅਕਾਲੀ ਦਲ ਦੀ ਟੀਮ ਵੱਲੋਂ ਰੈਲੀ ਸਥਾਨ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਰੈਲੀ ਦੇ ਪ੍ਰਬੰਧਾਂ, ਨੌਜਵਾਨਾਂ ਦੀ ਸ਼ਮੂਲੀਅਤ ਅਤੇ ਹੋਰ ਜ਼ਰੂਰੀ ਪ੍ਰਬੰਧਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਸੀਨੀਅਰ ਯੂਥ ਆਗੂ ਸੰਦੀਪ ਸਿੰਘ ਮੱਲ੍ਹਾ ਅਤੇ ਹਲਕਾ ਯੂਥ ਪ੍ਰਧਾਨ ਜਸਪ੍ਰੀਤ ਸਿੰਘ ਚਕਰ ਨੇ ਕਿਹਾ ਕਿ 4 ਨਵੰਬਰ ਦੀ ਇਹ ਰੈਲੀ ਹਲਕਾ ਜਗਰਾਉਂ ਦੀ ਸਿਆਸੀ ਸਰਗਰਮੀ ਵਿੱਚ ਇੱਕ ਅਹਿਮ ਮੀਲ ਪੱਥਰ ਸਾਬਤ ਹੋਵੇਗੀ। ਹਲਕੇ ਦੇ ਹਰ ਪਿੰਡ ਅਤੇ ਸ਼ਹਿਰ ਦੇ ਵਾਰਡਾਂ ਵਿੱਚੋਂ ਨੌਜਵਾਨ ਵੱਡੀ ਗਿਣਤੀ ਵਿੱਚ ਇਸ ਰੈਲੀ ਵਿੱਚ ਸ਼ਮੂਲੀਅਤ ਕਰਨਗੇ। ਉਨ੍ਹਾਂ ਕਿਹਾ ਕਿ ਨੌਜਵਾਨਾਂ ਦੇ ਉਤਸ਼ਾਹ ਅਤੇ ਪਾਰਟੀ ਵਰਕਰਾਂ ਦੀ ਮਿਹਨਤ ਸਦਕਾ ਰੈਲੀ ਵਿੱਚ ਰਿਕਾਰਡਤੋੜ ਇਕੱਠ ਹੋਵੇਗਾ ।ਯੂਥ ਆਗੂਆਂ ਨੇ ਕਿਹਾ ਕਿ ਪੰਜਾਬ ਦੀ ਨੌਜਵਾਨ ਪੀੜ੍ਹੀ ਅੱਜ ਬੇਰੁਜ਼ਗਾਰੀ, ਨਸ਼ਿਆਂ ਅਤੇ ਰੋਜ਼ਗਾਰ ਦੇ ਸੀਮਤ ਮੌਕਿਆਂ ਵਰਗੀਆਂ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰ ਰਹੀ ਹੈ। ਆਮ ਆਦਮੀ ਪਾਰਟੀ ਵੱਲੋਂ ਚੋਣਾਂ ਸਮੇਂ ਨੌਜਵਾਨਾਂ ਨੂੰ ਰੁਜ਼ਗਾਰ ਅਤੇ ਬਿਹਤਰ ਭਵਿੱਖ ਦੇਣ ਦੇ ਕੀਤੇ ਵਾਅਦਿਆਂ ਨੂੰ ਲੈ ਕੇ ਵੀ ਨੌਜਵਾਨਾਂ ਵਿੱਚ ਨਿਰਾਸ਼ਾ ਪਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਸਿਰਫ਼ ਵਾਅਦਿਆਂ ਦੀ ਨਹੀਂ, ਸਗੋਂ ਰੁਜ਼ਗਾਰ, ਸਿੱਖਿਆ ਅਤੇ ਖੇਡਾਂ ਦੇ ਖੇਤਰ ਵਿੱਚ ਠੋਸ ਮੌਕਿਆਂ ਦੀ ਲੋੜ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣਾ, ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਮੁਹੱਈਆ ਕਰਵਾਉਣਾ ਅਤੇ ਉਨ੍ਹਾਂ ਦੀ ਊਰਜਾ ਨੂੰ ਸਹੀ ਦਿਸ਼ਾ ਵਿੱਚ ਲਗਾਉਣਾ ਸਮੇਂ ਦੀ ਮੁੱਖ ਲੋੜ ਹੈ। ਨੌਜਵਾਨਾਂ ਨੂੰ ਸਿਆਸੀ ਤੌਰ 'ਤੇ ਜਾਗਰੂਕ ਕਰਨ ਦੇ ਨਾਲ-ਨਾਲ ਸਮਾਜਿਕ ਅਤੇ ਸੂਬੇ ਦੇ ਵਿਕਾਸ ਵਿੱਚ ਉਨ੍ਹਾਂ ਦੀ ਭੂਮਿਕਾ ਨੂੰ ਵੀ ਮਜ਼ਬੂਤ ਕਰਨਾ ਜ਼ਰੂਰੀ ਹੈ। ਯੂਥ ਆਗੂਆਂ ਨੇ ਐਸ.ਆਰ. ਕਲੇਰ ਦੀ ਅਗਵਾਈ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਹਲਕਾ ਜਗਰਾਉਂ ਵਿੱਚ ਪਾਰਟੀ ਦੀ ਜਥੇਬੰਦੀ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਦੀ ਅਗਵਾਈ ਹੇਠ ਹਲਕੇ ਦੇ ਨੌਜਵਾਨਾਂ ਨੂੰ ਜਥੇਬੰਦ ਕਰਕੇ ਪਾਰਟੀ ਨਾਲ ਜੋੜਿਆ ਜਾ ਰਿਹਾ ਹੈ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਹਲਕਾ ਜਗਰਾਉਂ ਦੇ ਹਰ ਪਿੰਡ ਵਿੱਚੋਂ ਵੱਡੀ ਗਿਣਤੀ ਵਿੱਚ ਨੌਜਵਾਨ ਇਸ ਰੈਲੀ ਵਿੱਚ ਪਹੁੰਚ ਕੇ ਆਪਣੀ ਸ਼ਮੂਲੀਅਤ ਦਰਜ ਕਰਵਾਉਣਗੇ। ਅੰਤ ਵਿੱਚ ਯੂਥ ਆਗੂਆਂ ਨੇ ਕਿਹਾ ਕਿ 4 ਨਵੰਬਰ ਦੀ ਰੈਲੀ ਵਿੱਚ ਨੌਜਵਾਨਾਂ ਦਾ ਵੱਡਾ ਇਕੱਠ ਜਿੱਥੇ ਹਲਕਾ ਜਗਰਾਉਂ ਵਿੱਚ ਯੂਥ ਅਕਾਲੀ ਦਲ ਦੀ ਮਜ਼ਬੂਤ ਜਥੇਬੰਦਕ ਤਾਕਤ ਦਾ ਪ੍ਰਗਟਾਵਾ ਕਰੇਗਾ, ਉੱਥੇ ਹੀ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਵੀ ਇੱਕ ਅਹਿਮ ਸਿਆਸੀ ਸੰਦੇਸ਼ ਦੇਵੇਗਾ। ਇਸ ਮੌਕੇ ਸੁੱਖ ਸੰਧੂ ਪੀ ਏ ਐਸ.ਆਰ.ਕਲੇਰ , ਯੂਥ ਪ੍ਰਧਾਨ ਸਹਿਰ ਸੁਖਪ੍ਰੀਤ ਸਿੰਘ ਸੁੱਖੂ, ਪ੍ਰਿਤਪਾਲ ਸਿੰਘ ਮੱਲ੍ਹਾ, ਵਿੱਕੀ ਸਵੱਦੀ, ਮਨਦੀਪ ਸਿੰਘ ਅਗਵਾੜ ਲੋਪੋ ਕਲਾਂ, ਲਾਡੀ ਦੇਹੜਕਾ, ਨਿੱਕੂ ਜਗਰਾਓਂ, ਏਕਮ ਜਗਰਾਓਂ, ਅੰਸ਼ ਜਗਰਾਓਂ ਤੇ ਹੋਰ ਹਾਜ਼ਰ ਸਨ।

ਸੁਪਰੀਮ ਇੰਟਰਨੈਸ਼ਨਲ ਸਕੂਲ ਮਹਿਲ ਕਲਾਂ ਵਿਖੇ 'ਪੰਜਾਬ ਸਥਾਪਨਾ ਦਿਵਸ' ਮਨਾਇਆ



ਮਹਿਲ ਕਲਾਂ/ਬਰਨਾਲਾ -(ਵਰਿਆਮ ਹਠੂਰ) ਨਾਮਵਾਰ ਵਿੱਦਿਅਕ ਸੰਸਥਾ ਸੁਪਰੀਮ ਇੰਟਰਨੈਸ਼ਨਲ ਸਕੂਲ ਮਹਿਲ ਕਲਾਂ (ਬਰਨਾਲਾ) ਵਿਖੇ ਪੰਜਾਬ ਸਥਾਪਨਾ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਪ੍ਰੋਗਰਾਮ ਦਾ ਆਯੋਜਨ ਸੰਸਥਾ ਦੇ ਡਾਇਰੈਕਟਰ ਸ਼੍ਰੀ ਮੋਹਨੀਸ਼ ਮਿਸ਼ਰਾ ਜੀ ਦੀ ਅਗਵਾਈ ਹੇਠ ਕੀਤਾ ਗਿਆ। ਇਸ ਵਿੱਚ ਮੁੱਖ ਮਹਿਮਾਨਾਂ ਵਜੋਂ ਸਿਰਜਣਾ ਅਤੇ ਸੰਵਾਦ ਸਾਹਿਤ ਸਭਾ ਰਜ਼ਿ ਬਰਨਾਲਾ ਦੇ ਪ੍ਰਧਾਨ ਅਨਜਨਾ ਮੈਨਨ , ਮੀਤ ਪ੍ਰਧਾਨ ਮਨਦੀਪ ਕੌਰ ਨੇ ਮੁੱਖ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਵਿਦਿਆਰਥੀਆਂ ਵੱਲੋਂ ਪੰਜਾਬ ਦੇ ਅਮੀਰ ਸੱਭਿਆਚਾਰ, ਸ਼ਾਨਦਾਰ ਇਤਿਹਾਸ ਅਤੇ ਮਾਂ-ਬੋਲੀ ਪੰਜਾਬੀ ਨਾਲ ਸੰਬੰਧਤ ਕਵਿਤਾ ਸੁਣਾਉਣ ਦੀ ਪ੍ਰਤੀਯੋਗਿਤਾ ਅਤੇ ਕਹਾਣੀ ਲਿਖਣ ਦੀ ਪ੍ਰਤਿਯੋਗਿਤਾ ਕਰਵਾਈ ਗਈ । ਵਿਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟਾਂ ਨਾਲ ਸਨਮਾਨਿਤ ਕੀਤਾ ਗਿਆ। ਮੁੱਖ ਮਹਿਮਾਨਾਂ ਵੱਲੋਂ ਵਿਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਉਹਨਾਂ ਨੇ ਪੰਜਾਬ ਦੇ ਗੌਰਵਮਈ ਇਤਿਹਾਸ, ਮਹਾਨ ਸ਼ਖ਼ਸੀਅਤਾਂ ਅਤੇ ਪੰਜਾਬੀ ਮਾਂ-ਬੋਲੀ ਦੀ ਮਹੱਤਤਾ ਬਾਰੇ ਦੱਸਿਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਵਿਰਸੇ, ਸੱਭਿਆਚਾਰ ਅਤੇ ਭਾਸ਼ਾ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ। ਸਮਾਗਮ ਦਾ ਉਦੇਸ਼ ਬੱਚਿਆਂ ਵਿੱਚ ਪੰਜਾਬੀ ਸੱਭਿਆਚਾਰ ਅਤੇ ਭਾਸ਼ਾ ਪ੍ਰਤੀ ਮਾਣ ਅਤੇ ਸਤਿਕਾਰ ਦੀ ਭਾਵਨਾ ਪੈਦਾ ਕਰਨਾ ਸੀ। ਅੰਤ ਵਿੱਚ ਡਾਇਰੈਕਟਰ ਸ਼੍ਰੀ ਮੋਹਨੀਸ਼ ਮਿਸਾ ਨੇ ਪਹੁੰਚੇ ਹੋਏ ਮੁੱਖ ਮਹਿਮਾਨਾਂ ਦਾ ਧੰਨਵਾਦ ਕੀਤਾ ਇਸ ਮੌਕੇ ਸਕੂਲ ਸਟਾਫ ਅਤੇ ਬੱਚੇ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਧੰਨ-ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ

30ਵਾਂ ਸਾਲਾਨਾ ਗੁਰਮਤਿ ਸਮਾਗਮ ਕਰਵਾਇਆ

ਪੰਥਕ ਹਾਲਾਤਾਂ ਨੂੰ ਵੇਖਦਿਆਂ ਕੌਮ ਨੂੰ ਨਿਰਾਸ਼ਾ ਵੱਲ ਨਹੀਂ ਜਾਣਾ ਚਾਹੀਦਾ, ਗੁਰਬਾਣੀ ਨਾਲ ਜੁੜ ਕੇ ਪੰਥ ਦੀ ਚੜ੍ਹਦੀ ਕਲਾ ਲਈ ਅਰਦਾਸਾਂ ਕਰੀਏ : ਸਿੰਘ ਸਾਹਿਬ ਭਾਈ ਜਸਬੀਰ ਸਿੰਘ ਜੀ ਖਾਲਸਾ










(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਜੱਸੋਵਾਲ ਬੀੜਾ, 2 ਨਵੰਬਰ (ਆਵਾਜ਼ਿ ਕੌਮ ਬਿਊਰੋ)- ਧੰਨ-ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਅਤੇ ਖਾਲਸਾ ਪੰਥ ਦੀ ਮਾਤਾ ਵਜੋਂ ਸਤਿਕਾਰਤ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ 30ਵਾਂ ਸਾਲਾਨਾ ਗੁਰਮਤਿ ਸਮਾਗਮ ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ ਬੀੜਾ ਵਿਖੇ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਇਸ ਇਤਿਹਾਸਕ ਗੁਰਦੁਆਰਾ ਸਾਹਿਬ ਨੂੰ ਬੱਬਰਾਂ ਦੀ ਛਾਉਣੀ ਦੇ ਨਾਮ ਨਾਲ ਵੀ ਜਾਣਿਆ ਜਾਂਦਾ ਹੈ। ਖਾਲਸਾ ਪੰਥ ਦੀ ਚੜ੍ਹਦੀ ਕਲਾ, ਸਰਬੱਤ ਦੇ ਭਲੇ ਅਤੇ ਪੰਥਕ ਏਕਤਾ ਨੂੰ ਸਮਰਪਿਤ ਇਹ ਸਮਾਗਮ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਤੇ ਪੰਥਕ ਅਕਾਲੀ ਦਲ ਦੇ ਅੰਤਰਰਾਸ਼ਟਰੀ ਮੁੱਖ ਬੁਲਾਰੇ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਦੀ ਦੇਖ-ਰੇਖ ਹੇਠ ਕਰਵਾਇਆ ਗਿਆ। ਇਸ ਸਮਾਗਮ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਪੰਥਕ ਅਕਾਲੀ ਦਲ ਦੇ ਬਾਨੀ ਸਿੰਘ ਸਾਹਿਬ ਭਾਈ ਜਸਬੀਰ ਸਿੰਘ ਰੋਡੇ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਇਸ ਮੌਕੇ ਉਨ੍ਹਾਂ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਮੌਜੂਦਾ ਪੰਥਕ ਹਾਲਾਤਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਸਿੰਘ ਸਾਹਿਬ ਭਾਈ ਜਸਬੀਰ ਸਿੰਘ ਰੋਡੇ ਨੇ ਕਿਹਾ ਕਿ ਪੰਥਕ ਹਾਲਾਤਾਂ ਨੂੰ ਵੇਖਦਿਆਂ ਕੌਮ ਨੂੰ ਨਿਰਾਸ਼ਾ ਵੱਲ ਨਹੀਂ ਜਾਣਾ ਚਾਹੀਦਾ, ਸਗੋਂ ਗੁਰਬਾਣੀ ਪੜ੍ਹ ਕੇ ਗੁਰੂ ਸਾਹਿਬ ਅੱਗੇ ਅਰਦਾਸ-ਬੇਨਤੀਆਂ ਕਰਨੀਆਂ ਚਾਹੀਦੀਆਂ ਹਨ। ਗੁਰੂ ਸਾਹਿਬ ਆਪਣੇ ਪੰਥ ਦੀ ਚੜ੍ਹਦੀ ਕਲਾ ਕਰਨਗੇ। ਉਨ੍ਹਾਂ ਕਿਹਾ ਕਿ ਸਿੱਖ ਕੌਮ ਨੂੰ ਹਰ ਔਖੀ ਘੜੀ ਵਿੱਚ ਗੁਰੂ ਸਾਹਿਬ ਉੱਤੇ ਭਰੋਸਾ ਰੱਖਣਾ ਚਾਹੀਦਾ ਹੈ ਅਤੇ ਪੰਥਕ ਏਕਤਾ, ਗੁਰਮਤਿ ਸਿਧਾਂਤਾਂ ਅਤੇ ਚੜ੍ਹਦੀ ਕਲਾ ਵਾਲੀ ਸੋਚ ਨੂੰ ਕਾਇਮ ਰੱਖਣਾ ਚਾਹੀਦਾ ਹੈ। ਉਨ੍ਹਾਂ ਨੇ ਸੰਗਤਾਂ ਨੂੰ ਗੁਰੂ ਸਾਹਿਬਾਨ ਵੱਲੋਂ ਦਰਸਾਏ ਮਾਰਗ 'ਤੇ ਚੱਲਣ, ਗੁਰਬਾਣੀ ਨਾਲ ਜੁੜਨ ਅਤੇ ਕੌਮ ਦੀ ਬਿਹਤਰੀ ਤੇ ਪੰਥ ਦੀ ਚੜ੍ਹਦੀ ਕਲਾ ਲਈ ਸਾਂਝੇ ਯਤਨ ਕਰਨ ਦਾ ਸੰਦੇਸ਼ ਦਿੱਤਾ। ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਰਾਗੀ, ਢਾਡੀ ਅਤੇ ਕਵੀਸ਼ਰੀ ਜਥਿਆਂ ਨੇ ਸੰਗਤਾਂ ਨੂੰ ਨਿਹਾਲ ਕੀਤਾ ਸਮਾਗਮ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਵੱਲੋਂ ਭਾਈ ਹਰਜੋਤ ਸਿੰਘ ਨੇ ਗੁਰਬਾਣੀ ਦਾ ਰਸਭਿੰਨਾ ਕੀਰਤਨ ਕੀਤਾ। ਢਾਡੀ ਜਥੇ ਵੱਲੋਂ ਗਿਆਨੀ ਕਸ਼ਮੀਰ ਸਿੰਘ ਕਾਦਰ ਨੇ ਸਿੱਖ ਇਤਿਹਾਸ ਦੀਆਂ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸੇ ਤਰ੍ਹਾਂ ਕਵੀਸ਼ਰੀ ਜਥੇ ਵੱਲੋਂ ਭਾਈ ਸੰਦੀਪ ਸਿੰਘ ਚੰਦਨ ਨੇ ਕਵੀਸ਼ਰੀ ਰਾਹੀਂ ਸਿੱਖ ਇਤਿਹਾਸ ਅਤੇ ਗੁਰਮਤਿ ਵਿਚਾਰਧਾਰਾ ਦੀ ਸਾਂਝ ਪਾਈ। ਨਿਹੰਗ ਸਿੰਘ ਜਥੇਬੰਦੀਆਂ, ਸੰਪਰਦਾਵਾਂ ਅਤੇ ਪੰਥਕ ਸ਼ਖ਼ਸੀਅਤਾਂ ਨੇ ਕੀਤੀ ਸ਼ਮੂਲੀਅਤ ਇਸ ਮੌਕੇ ਵਿਸ਼ੇਸ਼ ਤੌਰ 'ਤੇ ਵਿਧਾਇਕ ਜੈ ਕ੍ਰਿਸ਼ਨ ਸਿੰਘ ਰੋੜੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ, ਜਥੇਦਾਰ ਬਾਬਾ ਸਰਵਣ ਸਿੰਘ ਰਿਸਾਲਦਾਰ ਮਾਛੀਵਾੜਾ (ਬੁੱਢਾ ਦਲ), ਜਥੇਦਾਰ ਬਾਬਾ ਪੰਜਾਬ ਸਿੰਘ ਪੰਜਹੱਥਾ, ਜਥੇਦਾਰ ਬਾਬਾ ਗੁਰਦੇਵ ਸਿੰਘ, ਜਥੇਦਾਰ ਗਿਆਨੀ ਸੁਖਵਿੰਦਰ ਸਿੰਘ ਸ੍ਰੀ ਅਨੰਦਪੁਰ ਸਾਹਿਬ, ਗਿਆਨੀ ਬਲਵਿੰਦਰ ਸਿੰਘ ਰੋਡੇ, ਗਿਆਨੀ ਅਮਰਜੀਤ ਸਿੰਘ ਮਰਿਆਦਾ ਦਮਦਮੀ ਟਕਸਾਲ, ਪ੍ਰੋਫੈਸਰ ਮਹਿੰਦਰ ਸਿੰਘ ਮਾਹਲਪੁਰ, ਹਰਦੀਪ ਸਿੰਘ ਮਹਿੰਦੀ, ਅਨੂਪ ਸਿੰਘ ਭੱਦਰੂ, ਤਰਲੋਕ ਸਿੰਘ ਨਾਗਪਾਲ ਅਤੇ ਹੋਰ ਪੰਥਕ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ। ਇਸ ਤੋਂ ਇਲਾਵਾ ਵੱਖ-ਵੱਖ ਨਿਹੰਗ ਸਿੰਘ ਜਥੇਬੰਦੀਆਂ, ਸੰਪਰਦਾਵਾਂ, ਕਿਸਾਨ ਜਥੇਬੰਦੀਆਂ, ਧਾਰਮਿਕ, ਸਮਾਜਿਕ ਅਤੇ ਸਿਆਸੀ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਵੀ ਸਮਾਗਮ ਵਿੱਚ ਹਾਜ਼ਰੀ ਭਰੀ। ਵੱਡੀ ਗਿਣਤੀ ਵਿੱਚ ਇਲਾਕੇ ਅਤੇ ਦੂਰ-ਦੁਰਾਡੇ ਤੋਂ ਪਹੁੰਚੀਆਂ ਸੰਗਤਾਂ ਨੇ ਗੁਰੂ ਘਰ ਵਿਖੇ ਨਤਮਸਤਕ ਹੋ ਕੇ ਗੁਰਬਾਣੀ ਕੀਰਤਨ ਦਾ ਆਨੰਦ ਮਾਣਿਆ। ਸਿੰਘ ਪ੍ਰੋਡਕਸ਼ਨ, ਆਵਾਜ਼ੇ ਕੌਮ ਟੀ.ਵੀ. ਅਤੇ ਪੋਲੀ ਪੰਜਾਬ ਰਾਹੀਂ ਕੀਤਾ ਗਿਆ ਸਿੱਧਾ ਪ੍ਰਸਾਰਣ ਇਸ ਸਮੁੱਚੇ ਧਾਰਮਿਕ ਸਮਾਗਮ ਦਾ ਸਿੱਧਾ ਪ੍ਰਸਾਰਣ ਸਿੰਘ ਪ੍ਰੋਡਕਸ਼ਨ, ਆਵਾਜ਼ੇ ਕੌਮ ਟੀ.ਵੀ. ਅਤੇ ਪੋਲੀ ਪੰਜਾਬ ਰਾਹੀਂ ਕੀਤਾ ਗਿਆ, ਜਿਸ ਸਦਕਾ ਦੇਸ਼-ਵਿਦੇਸ਼ ਵਿੱਚ ਵੱਸਦੀਆਂ ਸਿੱਖ ਸੰਗਤਾਂ ਨੇ ਵੀ ਘਰ ਬੈਠਿਆਂ ਇਸ ਗੁਰਮਤਿ ਸਮਾਗਮ ਦੇ ਦਰਸ਼ਨ ਕੀਤੇ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਇਸ ਸਿੱਧੇ ਪ੍ਰਸਾਰਣ ਰਾਹੀਂ ਸਮਾਗਮ ਦੀਆਂ ਧਾਰਮਿਕ ਗਤੀਵਿਧੀਆਂ, ਗੁਰਬਾਣੀ ਕੀਰਤਨ ਅਤੇ ਪੰਥਕ ਸ਼ਖ਼ਸੀਅਤਾਂ ਦੇ ਵਿਚਾਰ ਵਿਸ਼ਾਲ ਪੱਧਰ 'ਤੇ ਸੰਗਤਾਂ ਤੱਕ ਪਹੁੰਚੇ। ਸਮਾਗਮ ਦੇ ਅੰਤ ਵਿੱਚ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਵੱਲੋਂ ਪਹੁੰਚੀਆਂ ਸਮੂਹ ਧਾਰਮਿਕ ਸ਼ਖ਼ਸੀਅਤਾਂ, ਨਿਹੰਗ ਸਿੰਘ ਜਥੇਬੰਦੀਆਂ ਦੇ ਜਥੇਦਾਰਾਂ, ਸੰਪਰਦਾਵਾਂ ਦੇ ਨੁਮਾਇੰਦਿਆਂ ਅਤੇ ਹੋਰ ਪੰਥਕ ਆਗੂਆਂ ਦਾ ਸਨਮਾਨ ਕੀਤਾ ਗਿਆ। ਉਨ੍ਹਾਂ ਨੇ ਸਮਾਗਮ ਵਿੱਚ ਸ਼ਾਮਲ ਹੋਣ ਵਾਲੀਆਂ ਸਮੂਹ ਸੰਗਤਾਂ ਦਾ ਧੰਨਵਾਦ ਕਰਦਿਆਂ ਸਰਬੱਤ ਦੇ ਭਲੇ ਅਤੇ ਖਾਲਸਾ ਪੰਥ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ••

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਧੰਨ-ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ

30ਵਾਂ ਸਾਲਾਨਾ ਗੁਰਮਤਿ ਸਮਾਗਮ ਕਰਵਾਇਆ

ਢਾਡੀ ਜਥੇ ਵੱਲੋਂ ਗਿਆਨੀ ਕਰਮਜੀਤ ਸਿੰਘ ਕਾਰਜ ਅਤੇ ਕਵੀਸ਼ਰੀ ਜਥੇ ਵੱਲੋਂ ਭਾਈ ਸੰਦੀਪ ਸਿੰਘ ਚੌਹਾਨ ਨੇ ਸਿੱਖ ਇਤਿਹਾਸ ਅਤੇ ਗੁਰਮਤਿ ਨਾਲ ਸਬੰਧਤ ਵਾਰਾਂ ਤੇ ਕਵੀਸ਼ਰੀ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ












(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਧੰਨ-ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ

30ਵਾਂ ਸਾਲਾਨਾ ਗੁਰਮਤਿ ਸਮਾਗਮ ਕਰਵਾਇਆ

ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਵੱਲੋਂ ਪਹੁੰਚੀਆਂ ਸਮੂਹ ਧਾਰਮਿਕ ਸ਼ਖ਼ਸੀਅਤਾਂ, ਨਿਹੰਗ ਸਿੰਘ ਜਥੇਬੰਦੀਆਂ ਦੇ ਨੁਮਾਇੰਦਿਆਂ ਅਤੇ ਹੋਰ ਪੰਥਕ ਆਗੂਆਂ ਦਾ ਸਨਮਾਨ ਕੀਤਾ ਗਿਆ













ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

1984 ਦਾ ਸਿੱਖ ਕਤਲੇਆਮ 'ਦੰਗੇ' ਨਹੀਂ, ਨਸਲਕੁਸ਼ੀ ਸੀ, ਬਰਤਾਨਵੀ ਸਰਕਾਰ ਰਸਮੀ ਮਾਨਤਾ ਦੇਵੇ

ਸਿੱਖ ਬੀਬੀਆਂ ਵੱਲੋਂ 10 ਡਾਊਨਿੰਗ ਸਟ੍ਰੀਟ 'ਤੇ ਪਟੀਸ਼ਨ







ਲੰਡਨ, 2 ਨਵੰਬਰ (ਸਰਬਜੀਤ ਸਿੰਘ ਬਠੂੜ)- ਨਵੰਬਰ 1984 ਦੇ ਸਿੱਖ ਕਤਲੇਆਮ ਦੀ 42ਵੀਂ ਬਰਸੀ ਮੌਕੇ ਸਿੱਖਸ ਫਾਰ ਜਸਟਿਸ ਅਤੇ ਦਲ ਖ਼ਾਲਸਾ ਇੰਟਰਨੈਸ਼ਨਲ ਦੀਆਂ ਮਹਿਲਾ ਕਾਰਕੁਨਾਂ ਬਲ ਕੌਰ, ਕਮਲਜੀਤ ਕੌਰ ਅਤੇ ਰਣਜੀਤ ਕੌਰ ਵੱਲੋਂ ਬਰਤਾਨਵੀ ਪ੍ਰਧਾਨ ਮੰਤਰੀ ਦੀ ਸਰਕਾਰੀ ਰਿਹਾਇਸ਼ 10 ਡਾਊਨਿੰਗ ਸਟ੍ਰੀਟ ਵਿਖੇ ਪਟੀਸ਼ਨ ਸੌਂਪ ਕੇ ਸਿੱਖ ਕਤਲੇਆਮ ਨੂੰ ਰਸਮੀ ਤੌਰ 'ਤੇ ਨਸਲਕੁਸ਼ੀ ਵਜੋਂ ਮਾਨਤਾ ਦੇਣ ਦੀ ਮੰਗ ਕੀਤੀ ਗਈ ਹੈ। ਪਟੀਸ਼ਨ ਰਾਹੀਂ ਸਰਕਾਰ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਇਤਿਹਾਸਕ ਸਬੂਤਾਂ ਅਤੇ ਪੀੜਤਾਂ ਦੀਆਂ ਗਵਾਹੀਆਂ ਦੀ ਘੋਖ ਕਰਕੇ ਨਵੰਬਰ 1984 ਵਿੱਚ ਸਿੱਖਾਂ ਦੇ ਯੋਜਨਾਬੱਧ ਕਤਲੇਆਮ ਨੂੰ ਨਸਲਕੁਸ਼ੀ ਵਜੋਂ ਸਵੀਕਾਰ ਕਰੇ। ਦਲ ਖਾਲਸਾ ਇੰਟਰਨੈਸ਼ਨਲ ਵੱਲੋਂ ਪਟੀਸ਼ਨ ਵਿੱਚ ਨਵੰਬਰ 1984 ਦੀਆਂ ਘਟਨਾਵਾਂ ਨੂੰ 'ਸਿੱਖ ਵਿਰੋਧੀ ਦੰਗੇ' ਕਹਿਣ 'ਤੇ ਇਤਰਾਜ਼ ਜਤਾਉਂਦਿਆਂ ਕਿਹਾ ਗਿਆ ਹੈ ਕਿ ਇਹ ਦੋ ਧਿਰਾਂ ਵਿਚਕਾਰ ਆਮ ਹਿੰਸਕ ਟਕਰਾਅ ਨਹੀਂ ਸੀ, ਸਗੋਂ ਸਿੱਖਾਂ ਨੂੰ ਉਨ੍ਹਾਂ ਦੀ ਧਾਰਮਿਕ ਪਛਾਣ ਕਾਰਨ ਨਿਸ਼ਾਨਾ ਬਣਾਇਆ ਗਿਆ ਸੀ। ਇਸ ਦੌਰਾਨ ਹਜ਼ਾਰਾਂ ਸਿੱਖਾਂ ਦੀਆਂ ਜਾਨਾਂ ਗਈਆਂ, ਘਰਾਂ, ਕਾਰੋਬਾਰਾਂ ਅਤੇ ਗੁਰਦੁਆਰਿਆਂ ਉੱਤੇ ਹਮਲੇ ਹੋਏ, ਔਰਤਾਂ ਜਿਨਸੀ ਹਿੰਸਾ ਦਾ ਸ਼ਿਕਾਰ ਬਣੀਆਂ ਅਤੇ ਅਨੇਕਾਂ ਪਰਿਵਾਰ ਉੱਜੜ ਗਏ। ਪਟੀਸ਼ਨ ਅਨੁਸਾਰ ਇਨ੍ਹਾਂ ਘਟਨਾਵਾਂ ਨੂੰ ਮਹਿਜ਼ ਦੰਗੇ ਕਹਿਣਾ ਪੀੜਤਾਂ ਨਾਲ ਹੋਏ ਜ਼ੁਲਮਾਂ ਦੀ ਗੰਭੀਰਤਾ ਨੂੰ ਘਟਾ ਕੇ ਪੇਸ਼ ਕਰਨਾ ਹੈ। ਮਹਿਲਾ ਕਾਰਕੁਨਾਂ ਨੇ ਪਟੀਸ਼ਨ ਵਿੱਚ ਕਿਹਾ ਕਿ ਬਰਤਾਨੀਆ ਵਸਦੇ ਅਨੇਕਾਂ ਸਿੱਖ ਪਰਿਵਾਰਾਂ ਲਈ ਨਵੰਬਰ 1984 ਸਿਰਫ਼ ਇਤਿਹਾਸਕ ਘਟਨਾ ਨਹੀਂ, ਸਗੋਂ ਉਨ੍ਹਾਂ ਦੇ ਆਪਣੇ ਪਰਿਵਾਰਾਂ ਨਾਲ ਵਾਪਰੀ ਹੱਡਬੀਤੀ ਹੈ। ਕਈ ਪਰਿਵਾਰਾਂ ਨੇ ਆਪਣੇ ਸਕੇ-ਸਬੰਧੀ ਗੁਆਏ ਅਤੇ ਜ਼ੁਲਮਾਂ ਦੀਆਂ ਯਾਦਾਂ ਲੈ ਕੇ ਬਰਤਾਨੀਆ ਆ ਵਸੇ। ਇਸ ਲਈ ਕਤਲੇਆਮ ਨੂੰ ਨਸਲਕੁਸ਼ੀ ਵਜੋਂ ਮਾਨਤਾ ਦੇਣਾ ਬਰਤਾਨਵੀ ਸਿੱਖ ਭਾਈਚਾਰੇ ਲਈ ਵਿਸ਼ੇਸ਼ ਮਹੱਤਵ ਰੱਖਦਾ ਹੈ। ਪਟੀਸ਼ਨ ਵਿੱਚ ਬਰਤਾਨਵੀ ਸੰਸਦ ਅੰਦਰ ਪਹਿਲਾਂ ਹੋਈਆਂ ਚਰਚਾਵਾਂ ਦਾ ਹਵਾਲਾ ਦਿੰਦਿਆਂ ਕਿਹਾ ਗਿਆ ਹੈ ਕਿ ਸੰਸਦ ਮੈਂਬਰ ਨਵੰਬਰ 1984 ਦੀ ਹਿੰਸਾ ਨੂੰ ਸਿੱਖਾਂ ਵਿਰੁੱਧ ਯੋਜਨਾਬੱਧ ਹਮਲਿਆਂ ਵਜੋਂ ਦਰਸਾ ਚੁੱਕੇ ਹਨ ਅਤੇ ਇਸ ਨੂੰ ਨਸਲਕੁਸ਼ੀ ਕਹੇ ਜਾਣ ਦਾ ਮੁੱਦਾ ਵੀ ਸੰਸਦ ਵਿੱਚ ਉੱਠ ਚੁੱਕਾ ਹੈ। ਹੁਣ ਬਰਤਾਨਵੀ ਸਰਕਾਰ ਨੂੰ ਇਸ ਮਾਮਲੇ ਵਿੱਚ ਰਸਮੀ ਮਾਨਤਾ ਦੇਣ ਵੱਲ ਕਦਮ ਚੁੱਕਣਾ ਚਾਹੀਦਾ ਹੈ। ਪਟੀਸ਼ਨ ਵਿੱਚ ਪ੍ਰਧਾਨ ਮੰਤਰੀ ਨੂੰ ਅਪੀਲ ਕੀਤੀ ਗਈ ਹੈ ਕਿ ਸਰਕਾਰ ਪੀੜਤਾਂ, ਉਨ੍ਹਾਂ ਦੀਆਂ ਅਗਲੀਆਂ ਪੀੜ੍ਹੀਆਂ ਅਤੇ ਬਰਤਾਨਵੀ ਸਿੱਖ ਭਾਈਚਾਰੇ ਦੀ ਆਵਾਜ਼ ਸੁਣੇ। ਇਸ ਵਿੱਚ ਕਿਹਾ ਗਿਆ ਹੈ ਕਿ ਨਸਲਕੁਸ਼ੀ ਵਜੋਂ ਮਾਨਤਾ ਮਾਰੇ ਗਏ ਲੋਕਾਂ ਨੂੰ ਵਾਪਸ ਨਹੀਂ ਲਿਆ ਸਕਦੀ, ਪਰ ਇਸ ਨਾਲ ਪੀੜਤਾਂ ਦੇ ਦੁੱਖਾਂ ਨੂੰ ਸਵੀਕਾਰ ਕਰਨ, ਉਨ੍ਹਾਂ ਦੀ ਯਾਦ ਦਾ ਸਤਿਕਾਰ ਕਰਨ ਅਤੇ ਇਤਿਹਾਸਕ ਸੱਚਾਈ ਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਵਿੱਚ ਮਦਦ ਮਿਲੇਗੀ। ਸਿੱਖਸ ਫਾਰ ਜਸਟਿਸ ਤੇ ਦਲ ਖ਼ਾਲਸਾ ਇੰਟਰਨੈਸ਼ਨਲ ਦੇ ਗੁਰਚਰਨ ਸਿੰਘ, ਗੁਰਪ੍ਰੀਤ ਸਿੰਘ, ਮੰਗਲ ਸਿੰਘ, ਜਸਬੀਰ ਸਿੰਘ ਸਮੇਤ ਅਨੇਕਾਂ ਸਿੱਖਾਂ ਨੇ ਭਾਰਤ ਦੇ ਵੱਖ-ਵੱਖ ਹਿੱਸਿਆਂ, ਦਿੱਲੀ ਵਿੱਚ ਸਿੱਖ ਕਤਲੇਆਮ ਖਿਲਾਫ਼ ਭਾਰਤੀ ਸਫ਼ਾਰਤਖ਼ਾਨੇ ਬਾਹਰ ਜ਼ੋਰਦਾਰ ਰੋਸ ਮੁਜ਼ਾਹਰਾ ਕੀਤਾ ਗਿਆ। ਇਹ ਮੁਜ਼ਾਹਰਾ ਲਗਾਤਾਰ ਤਿੰਨ ਦਿਨ ਚੱਲੇਗਾ ।

ਆਵਾਜ਼ਿ ਕੌਮ AWAZE QAUM International Newspaper & WEB TV

ਦਲ ਖ਼ਾਲਸਾ ਇੰਟਰਨੈਸ਼ਨਲ ਵੱਲੋਂ ਕਤਲੇਆਮ ਨੂੰ 'ਦੰਗੇ' ਕਹਿਣ 'ਤੇ ਜਤਾਇਆ ਇਤਰਾਜ਼

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
ਆਵਾਜ਼ਿ ਕੌਮ AWAZE QAUM International Newspaper & WEB TV

ਖਾਲਸਾ ਅਕੈਡਮੀ ਜੱਬੋਵਾਲ(ਅੰਮ੍ਰਿਤਸਰ) ਵਿਖੇ ਸਾਹਿਬ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ ਗਿਆ



ਜੰਡਿਆਲਾ ਗੁਰੂ 2 ਨਵੰਬਰ (ਕੁਲਵੰਤ ਸਿੰਘ ਵਿਰਦੀ)-ਖਾਲਸਾ ਅਕੈਡਮੀ ਦੇ ਮੁਖੀ ਭਾਈ ਮਲਕੀਤ ਸਿੰਘ ਜੀ ਦੀ ਸਰਪ੍ਰਸਤੀ ਹੇਠ ਯੂਅਰ ਸੇਵਾ ਸੰਸਥਾ ਯੂ.ਕੇ. ਵੱਲੋਂ ਚਲਾਏ ਜਾ ਰਹੇ ਵਿਦਿਅਕ ਅਦਾਰੇ ਸੰਤ ਬਾਬਾ ਗੁਰਬਖਸ਼ ਸਿੰਘ ਜੀ ਖਾਲਸਾ ਅਕੈਡਮੀ ਵਿਖੇ ਧੰਨ ਧੰਨ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਬੜੀ ਸਰਧਾ ਭਾਵਨਾ ਤੇ ਪਿਆਰ ਨਾਲ ਮਨਾਇਆ ਗਿਆ ਇਨਾਂ ਸਮਾਗਮਾਂ ਦੀ ਉਚੇਚੇ ਤੌਰ ਤੇ ਤਿਆਰੀ ਅਕੈਡਮੀ ਦੇ ਵਿਦਿਆਰਥੀਆਂ, ਅਧਿਆਪਕ ਸਾਹਿਬਾਨ ਅਤੇ ਮੈਨੇਜਮੈਂਟ ਕਮੇਟੀ ਵੱਲੋਂ ਸੇਵਾ ਭਾਵਨਾ ਨਾਲ ਕੀਤੀ ਗਈ ! ਜਿਸ ਵਿੱਚ ਪ੍ਰਕਾਸ ਪੁਰਬ ਨੂੰ ਸਮਰਪਿਤ ਅੰਮ੍ਰਿਤ ਵੇਲੇ ਦੇ ਜਾਪ ਉਪਰੰਤ ਉਸਤਾਦ ਭਾਈ ਬੂਟਾ ਸਿੰਘ, ਉਹਨਾਂ ਦੇ ਸਾਥੀ ਨਿਸ਼ਾਨ ਸਿੰਘ, ਵਿਦਿਆਰਥੀ ਗੁਰਮੁਖ ਸਿੰਘ, ਹਰਜੋਤ ਸਿੰਘ, ਮਨਜੋਤ ਸਿੰਘ, ਹਰਗੁਣ ਸਿੰਘ, ਜਸਨਦੀਪ ਸਿੰਘ, ਸੁਖਪ੍ਰੀਤ ਸਿੰਘ, ਏਕਮਜੋਤ ਸਿੰਘ ਅਤੇ ਵਿਦਿਆਰਥਣਾਂ ਸੁਮਨਦੀਪ ਕੌਰ, ਨਵਦੀਪ ਕੌਰ ਨੇ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਭਾਈ ਤੇਜਬੀਰ ਸਿੰਘ ਜੀ ਨੇ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਜੀਵਨ ਬਾਰੇ ਚਾਨਣਾ ਪਾਇਆ। ਇਸ ਮੌਕੇ ਅਕੈਡਮੀ ਦੇ ਮੁੱਖ ਸੰਚਾਲਕ ਭਾਈ ਮਲਕੀਤ ਸਿੰਘ ਜੀ ਨੇ ਸਰਬੱਤ ਸੰਗਤਾਂ ਨੂੰ ਗੁਰਬਾਣੀ ਨਾਲ ਪਿਆਰ ਤੇ ਸਤਿਕਾਰ ਬਾਰੇ ਦੱਸਿਆ ।ਸਮਾਗਮ ਦੇ ਅਖੀਰ ਵਿੱਚ ਭਾਈ ਤੇਜਬੀਰ ਸਿੰਘ ਅਤੇ ਪ੍ਰਿੰਸੀਪਲ ਸਰਬਜੀਤ ਸਿੰਘ ਨੇ ਵੀ ਕੀਰਤਨ ਦੀ ਹਾਜ਼ਰੀ ਭਰੀ ਅਤੇ ਅਕੈਡਮੀ ਦੇ ਉੱਜਲੇ ਭਵਿੱਖ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ। ਇਸ ਮੌਕੇ ਭਾਈ ਸਤਵੰਤ ਸਿੰਘ, ਡਾਕਟਰ ਭਾਈ ਹਰਜੀਤ ਸਿੰਘ, ਭਾਈ ਸੁਖਚੈਨ ਸਿੰਘ, ਭਾਈ ਸੁਖਦੇਵ ਸਿੰਘ, ਭਾਈ ਅਮਰੀਕ ਸਿੰਘ, ਭਾਈ ਹੁਸਨਪ੍ਰੀਤ ਸਿੰਘ, ਭਾਈ ਅਰਜਨ ਸਿੰਘ ਅਤੇ ਭਾਈ ਅਮਨਦੀਪ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ 279 ਲਾਭਪਾਤਰੀਆਂ ਨੂੰ ਮਾਲਕੀ ਹੱਕਾਂ ਦੇ ਦਸਤਾਵੇਜ਼ ਵੰਡੇ

ਪਿੰਡ ਮਾਲੋਵਾਲ ਦੇ 213 ਅਤੇ ਪਿੰਡ ਸੰਗਰਾਵਾਂ ਦੇ 66 ਲਾਭਪਾਤਰੀਆਂ ਨੂੰ ਮਿਲਿਆ ਜਾਇਦਾਦ ਦਾ ਮਾਲਕੀ ਹੱਕ





ਜੰਡਿਆਲਾ ਗੁਰੂ, 2 ਨਵੰਬਰ (ਕੁਲਵੰਤ ਸਿੰਘ ਵਿਰਦੀ)-ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਉਨ੍ਹਾਂ ਦੀਆਂ ਜਾਇਦਾਦਾਂ ਦੇ ਮਾਲਕੀ ਹੱਕ ਪ੍ਰਦਾਨ ਕਰਨ ਲਈ ਚਲਾਈ ਜਾ ਰਹੀ 'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਅੱਜ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਆਪਣੇ ਵਿਧਾਨ ਸਭਾ ਹਲਕੇ ਦੇ ਪਿੰਡ ਮਾਲੋਵਾਲ ਵਿਖੇ ਕਰਵਾਏ ਗਏ ਵਿਸ਼ੇਸ਼ ਸਮਾਗਮ ਦੌਰਾਨ 279 ਲਾਭਪਾਤਰੀਆਂ ਨੂੰ ਮਾਲਕੀ ਹੱਕਾਂ ਦੇ ਦਸਤਾਵੇਜ਼ ਵੰਡੇ ਗਏ ।ਇਸ ਮੌਕੇ ਪਿੰਡ ਮਾਲੋਵਾਲ ਦੇ 213 ਅਤੇ ਪਿੰਡ ਸੰਗਰਾਵਾਂ ਦੇ 66 ਲਾਭਪਾਤਰੀਆਂ ਨੂੰ ਉਨ੍ਹਾਂ ਦੀਆਂ ਜਾਇਦਾਦਾਂ ਦੇ ਮਾਲਕੀ ਹੱਕ ਪ੍ਰਦਾਨ ਕੀਤੇ ਗਏ ।ਇਸ ਮੌਕੇ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਅਤੇ ਉਨ੍ਹਾਂ ਦੇ ਹੱਕਾਂ ਦੀ ਰਾਖੀ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ 'ਮੇਰਾ ਘਰ ਮੇਰੇ ਨਾਮ' ਸਕੀਮ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦਾ ਕਾਨੂੰਨੀ ਮਾਲਕੀ ਹੱਕ ਦਿਵਾਉਣ ਵੱਲ ਇੱਕ ਅਹਿਮ ਕਦਮ ਹੈ ਉਨ੍ਹਾਂ ਕਿਹਾ ਕਿ ਇਸ ਸਕੀਮ ਰਾਹੀਂ ਲਾਭਪਾਤਰੀਆਂ ਨੂੰ ਆਪਣੀਆਂ ਜਾਇਦਾਦਾਂ ਦਾ ਕਾਨੂੰਨੀ ਮਾਲਕੀ ਹੱਕ ਮਿਲ ਰਿਹਾ ਹੈ, ਜਿਸ ਨਾਲ ਉਨ੍ਹਾਂ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਮੰਗ ਪੂਰੀ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਅਤੇ ਉਨ੍ਹਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਅਜਿਹੀਆਂ ਲੋਕ-ਪੱਖੀ ਯੋਜਨਾਵਾਂ ਨੂੰ ਪੂਰੀ ਪਾਰਦਰਸ਼ਤਾ ਅਤੇ ਤਨਦੇਹੀ ਨਾਲ ਲਾਗੂ ਕਰ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV